ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

## Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 7 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੨੫ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਜਾਨੋਂ ਮਾਰਨ ਦੀ ਧਮਕੀ !

**ਨਵੀਂ ਦਿੱਲੀ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਨੂੰ ਜਾਨੋਂ ਮਾਰਨ ਦੀ ਧਮਕੀ ਮਿਲਣ ਤੋਂ ਬਾਅਦ ਹੜਕੰਪ ਮਚ ਗਿਆ ਹੈ। ਇਹ ਧਮਕੀ ਗਾਜ਼ੀਆਬਾਦ ਦੇ ਇੱਕ ਫੋਨ ਕਰਨ ਵਾਲੇ ਨੇ ਦਿੱਤੀ ਸੀ, ਜਿਸਨੇ ਰਾਤ 11 ਵਜੇ ਦੇ ਕਰੀਬ ਪੀਸੀਆਰ ਨੂੰ ਫ਼ੋਨ ਕਰਕੇ ਇਹ ਜਾਣਕਾਰੀ ਦਿੱਤੀ। ਕਾਲ ਮਿਲਦੇ ਹੀ ਗਾਜ਼ੀਆਬਾਦ ਪੁਲਿਸ ਹਰਕਤ ਵਿੱਚ ਆ ਗਈ ਅਤੇ ਤੁਰੰਤ ਦਿੱਲੀ ਪੁਲਿਸ ਨੂੰ ਮਾਮਲੇ ਬਾਰੇ ਸੂਚਿਤ ਕੀਤਾ। ਪੁਲਿਸ ਦੇ ਅਨੁਸਾਰ, ਧਮਕੀ ਦੇਣ ਵਾਲਾ ਫੋਨ ਕਰਨ ਵਾਲਾ ਫਰਾਰ ਹੈ ਅਤੇ ਉਸਦਾ ਮੋਬਾਈਲ ਫੋਨ ਵੀ ਰਾਤ ਤੋਂ ਬੰਦ ਹੈ। ਫੋਨ ਕਰਨ ਵਾਲੇ ਦੀ ਪਛਾਣ ਅਤੇ ਸਥਾਨ ਦਾ ਪਤਾ ਲਗਾਉਣ ਲਈ ਤਕਨੀਕੀ ਸਹਾਇਤਾ ਲਈ ਜਾ ਰਹੀ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ, ਦਿੱਲੀ ਪੁਲਿਸ ਨੇ ਮੁੱਖ ਮੰਤਰੀ ਦੀ ਸੁਰੱਖਿਆ ਵਧਾ ਦਿੱਤੀ ਹੈ। ਦੋਵਾਂ ਸ਼ਹਿਰਾਂ ਦੀ ਪੁਲਿਸ ਸਾਂਝੇ ਤੌਰ 'ਤੇ ਜਾਂਚ ਵਿੱਚ ਲੱਗੀ ਹੋਈ ਹੈ। ਫਿਲਹਾਲ ਮਾਮਲੇ ਦੀ ਤਹਿ ਤੱਕ ਪਹੁੰਚਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਰੇਖਾ ਗੁਪਤਾ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਨੇ ਦਿੱਲੀ ਵਿੱਚ 100 ਦਿਨ ਪੂਰੇ ਕਰ ਲਏ ਹਨ। ਇਸ ਤੋਂ ਪਹਿਲਾਂ ਦਿੱਲੀ ਵਿੱਚ ਅਰਵਿੰਦ ਕੇਜਰੀਵਾਲ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਸੱਤਾ ਵਿੱਚ ਸੀ। ਇਨ੍ਹਾਂ 100 ਦਿਨਾਂ ਵਿੱਚ, ਰੇਖਾ ਗੁਪਤਾ ਸਰਕਾਰ ਨੇ ਵਿਕਾਸ ਨੂੰ ਤਰਜੀਹ ਦੇਣ ਵਾਲੀਆਂ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਹਨ, ਜਿਨ੍ਹਾਂ ਵਿੱਚ ਖਾਸ ਕਰਕੇ ਸੜਕਾਂ ਅਤੇ ਬੁਨਿਆਦੀ ਢਾਂਚੇ ਨਾਲ ਸਬੰਧਤ ਪ੍ਰੋਜੈਕਟ ਸ਼ਾਮਲ ਹਨ।

## ਸ੍ਰੀ ਅਕਾਲ ਤਖਤ ਸਾਹਿਬ ਵਿਖੇ

# ਘੱਲੂਘਾਰਾ ਬਰਸੀ ਸ਼ਾਂਤੀਪੂਰਵਕ ਸਮਾਪਤ

**ਅੰਮ੍ਰਿਤਸਰ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਘੱਲੂਘਾਰਾ 41ਵੀਂ ਬਰਸੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਾਂਤੀਪੂਰਵਕ ਸਮਾਪਤ ਹੋਈ। ਇਸ ਮੌਕੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ, ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਤਰਨਾ ਦਲ ਦੇ ਮੁਖੀ ਬਾਬਾ ਮੇਜਰ ਸਿੰਘ ਅਤੇ ਹੋਰ ਵੱਖ-ਵੱਖ ਜਥੇਬੰਦੀਆਂ ਪਹੁੰਚੀਆਂ। ਸਮਾਪਤੀ ਸਮਾਗਮ ਤੋਂ ਬਾਅਦ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 1984 'ਚ ਕਾਂਗਰਸ ਦੇ ਇਸ਼ਾਰੇ 'ਤੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਫੌਜੀ ਹਮਲਾ ਕੀਤਾ ਗਿਆ ਸੀ। ਜਿਸ ਨੂੰ 41 ਸਾਲ ਹੋ ਗਏ ਨੇ ਪਰ ਅਜੇ ਤੱਕ ਇਨਸਾਫ ਨਹੀਂ ਮਿਲਿਆ। ਹੁਣ ਤੱਕ ਇੱਕ ਮਾਤਾ ਜਿਸਦੇ ਘਰ ਦੇ ਚਾਰ ਜੀ ਘੱਲੂਘਾਰੇ ਵਿੱਚ ਸ਼ਹੀਦ ਹੋ ਗਏ ਸਨ ਅਤੇ ਅੱਜ ਵੀ ਉਹ ਇਕੱਲੀ ਰਹਿ ਰਹੀ ਹੈ। ਸਾਨੂੰ ਸਭ ਨੂੰ ਇਕੱਠੇ ਹੋਣ ਦੀ ਲੋੜ ਹੈ ਤੇ ਇੱਕ ਖਾਲਸਾਈ ਝੰਡੇ ਹੇਠ ਇਕੱਠੇ ਹੋਣ ਦੀ ਲੋੜ ਹੈ। ਉਨ੍ਹਾਂ ਨੇ ਕਿਹਾ ਕਿ ਜਿੰਨਾ ਚਿਰ ਕੌਮ ਇਕੱਠੇ ਨਹੀਂ ਹੁੰਦੀ, ਉਨ੍ਹਾਂ ਨੂੰ ਇਨਸਾਫ ਨਹੀਂ ਮਿਲਣਾ। ਸਾਨੂੰ ਆਪਸੀ ਮਤਭੇਦ ਛੱਡ ਕੇ ਇੱਕਜੁੱਟ ਹੋਣਾ ਚਾਹੀਦਾ ਹੈ। ਉਨ੍ਹਾਂ ਪਹੁੰਚੀਆਂ ਹੋਈਆਂ ਸਾਰੀਆਂ ਟਕਸਾਲਾਂ ਰਾਜਨੀਤਿਕ ਅਤੇ ਹੋਰ



ਜਥੇਬੰਦੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅੱਜ ਕੌਮ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਹੋਇਆ ਮੈਂ ਕਾਲੀ ਦਸਤਾਰ ਸਜਾਈ ਹੈ। ਇਸ ਮੌਕੇ 'ਤੇ ਉਨ੍ਹਾਂ ਨੇ ਕਿਹਾ ਕਿ ਅੱਜ ਅਰਦਾਸ ਦੇ ਰੂਪ ਵਿੱਚ ਆਪਣਾ ਸੰਦੇਸ਼ ਜਾਰੀ ਕੀਤਾ ਹੈ। ਉਨ੍ਹਾਂ ਨੇ ਕਿਹਾ ਕਿ ਜਦੋਂ ਕੌਮ ਦੇ ਵੱਡੇ ਹਿੱਤ ਦੇਖਣੇ ਹੋਣ ਉਦੋਂ ਬਹੁਤ ਕੁਝ ਦੇਖਣਾ ਪੈਂਦਾ ਹੈ।

## ਅੰਮ੍ਰਿਤਸਰ ਅੱਜ ਪੂਰੀ ਤਰ੍ਹਾਂ ਬੰਦ, ਚੱਪੇ-ਚੱਪੇ 'ਤੇ ਪੁਲਸ ਫੋਰਸ ਰਹੀ ਤਾਇਨਾਤ



**ਅੰਮ੍ਰਿਤਸਰ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਜਥੇਬੰਦੀਆਂ ਵੱਲੋਂ 6 ਜੂਨ ਨੂੰ ਦਿੱਤੀ ਅੰਮ੍ਰਿਤਸਰ ਬੰਦ ਦੀ ਕਾਲ ਦੇ ਚਲਦੇ ਅੱਜ ਸ਼ਹਿਰ ਵਿੱਚ ਜ਼ਿਆਦਾਤਰ ਇਲਾਕੇ ਸੁੰਨ ਨਜ਼ਰ ਆਏ। ਦੁਕਾਨਾਂ ਤੇ ਵਪਾਰਿਕ ਸੰਸਥਾਵਾਂ ਬੰਦ ਰਹੀਆਂ। ਹਾਲਾਂਕਿ ਇਸ ਦੌਰਾਨ ਸੜਕਾਂ 'ਤੇ ਆਵਾਜਾਈ ਪਹਿਲਾਂ ਦੀ ਤਰ੍ਹਾਂ ਚਾਲੂ ਹੈ। ਅਜਿਹੀ ਸਥਿਤੀ ਨੂੰ ਦੇਖਦਿਆਂ ਅੰਮ੍ਰਿਤਸਰ ਪੁਲਸ ਵੱਲੋਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਫਲੈਗ ਮਾਰਚ ਕੀਤਾ ਗਿਆ। ਪੁਲਸ ਵੱਲੋਂ ਕਿਹਾ ਗਿਆ ਹੈ ਕਿ ਉਹ ਹਰ ਹਾਲਤ 'ਚ ਕਾਨੂੰਨ-ਵਿਵਸਥਾ ਬਣਾਈ ਰੱਖਣ ਲਈ ਤਿਆਰ ਹਨ ਅਤੇ ਕਿਸੇ ਵੀ ਘਟਨਾ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਨਿਗਰਾਨੀ ਕੀਤੀ ਜਾ ਰਹੀ ਹੈ। ਇਹ ਬੰਦ 1984 ਦੇ ਘਟਨਾਕ੍ਰਮਾਂ ਦੀ ਯਾਦ 'ਚ ਕੀਤਾ ਗਿਆ, ਜਿਸ ਦੌਰਾਨ ਸਿੱਖ ਜਥੇਬੰਦੀਆਂ ਵੱਲੋਂ ਸ਼ਾਂਤਮਈ ਤਰੀਕੇ ਨਿਯਮਾਂ ਦੀ ਪਾਲਣਾ ਕੀਤੀ ਗਈ।

## ਪ੍ਰਧਾਨ ਮੰਤਰੀ ਮੋਦੀ ਨੇ ਦੁਨੀਆ ਦੇ ਸਭ ਤੋਂ ਉੱਚੇ ਰੇਲਵੇ ਪੁਲ ਦਾ ਕੀਤਾ ਉਦਘਾਟਨ



**ਸ੍ਰੀਨਗਰ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਨੇ ਪਹਿਲਗਾਮ ਹਮਲਾ ਕੀਤਾ। ਉਨ੍ਹਾਂ ਨੇ ਅੱਤਵਾਦੀ ਭੇਜ ਕੇ ਜੰਮੂ-ਕਸ਼ਮੀਰ ਦੇ ਮਾਹੌਲ ਨੂੰ ਜ਼ਹਿਰੀਲਾ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਨੇ ਸੈਲਾਨੀਆਂ ਨੂੰ ਉਨ੍ਹਾਂ ਦਾ ਧਰਮ ਪੁੱਛ ਕੇ ਮਾਰ ਦਿੱਤਾ। ਉਨ੍ਹਾਂ ਨੂੰ ਲੱਗਦਾ ਸੀ ਕਿ ਇਸ ਨਾਲ ਜੰਮੂ-ਕਸ਼ਮੀਰ ਦੇ ਵਿਕਾਸ ਦਾ ਪਹੀਆ ਰੁਕ ਜਾਵੇਗਾ। ਪਰ ਪਾਕਿਸਤਾਨ ਨੂੰ ਨਹੀਂ ਪਤਾ ਕਿ ਇਹ ਨਵਾਂ ਭਾਰਤ ਹੈ। ਨਵਾਂ ਭਾਰਤ ਨਾ ਸਿਰਫ਼ ਘਰ 'ਤੇ ਹਮਲਾ ਕਰਦਾ ਹੈ, ਸਗੋਂ ਵਿਕਾਸ ਦੀ ਗਤੀ ਨੂੰ ਵੀ ਤੇਜ਼ ਕਰਦਾ ਹੈ। ਅੱਜ ਇਸਦਾ ਸਬੂਤ ਜੰਮੂ-ਕਸ਼ਮੀਰ ਦੇ ਰਿਆਸੀ ਜ਼ਿਲ੍ਹੇ ਵਿੱਚ ਵੀ ਦੇਖਣ ਨੂੰ ਮਿਲਿਆ। ਪਹਿਲਾਂ, ਭਾਰਤ ਨੇ ਆਪ੍ਰੇਸ਼ਨ ਸਿੰਦੂਰ ਨਾਲ ਪਾਕਿਸਤਾਨ ਦੇ ਪਹਿਲਗਾਮ ਦਾ ਜਵਾਬ ਦਿੱਤਾ। ਹੁਣ ਦੁਨੀਆ ਦੇ ਸਭ ਤੋਂ ਉੱਚੇ ਪੁਲ ਤੋਂ ਤਿਰੰਗਾ ਲਹਿਰਾ ਕੇ, ਪ੍ਰਧਾਨ ਮੰਤਰੀ ਮੋਦੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਅੱਤਵਾਦੀ ਕਸ਼ਮੀਰ ਵਿੱਚ ਵਿਕਾਸ ਦੀ ਗਤੀ ਨੂੰ ਨਹੀਂ ਰੋਕ ਸਕਣਗੇ।

ਦਰਅਸਲ, ਪ੍ਰਧਾਨ ਮੰਤਰੀ ਮੋਦੀ ਅੱਜ ਜੰਮੂ-ਕਸ਼ਮੀਰ ਵਿੱਚ ਹਨ। ਉਨ੍ਹਾਂ ਨੇ ਦੁਨੀਆ ਦੇ ਸਭ ਤੋਂ ਉੱਚੇ ਪੁਲ ਯਾਨੀ ਕਿ ਚਨਾਬ ਪੁਲ 'ਤੇ ਤਿਰੰਗਾ ਲਹਿਰਾਇਆ ਹੈ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਇਹ ਪ੍ਰਧਾਨ ਮੰਤਰੀ ਮੋਦੀ ਦਾ ਪਹਿਲਾ ਦੌਰਾ ਹੈ। ਪ੍ਰਧਾਨ ਮੰਤਰੀ ਮੋਦੀ ਵੱਲੋਂ ਚਨਾਬ ਪੁਲ 'ਤੇ ਤਿਰੰਗਾ ਲਹਿਰਾਉਣਾ ਪਾਕਿਸਤਾਨ ਲਈ ਇੱਕ ਵੱਡਾ ਸੰਦੇਸ਼ ਹੈ। ਇਹ ਸੰਦੇਸ਼ ਇਹ ਹੈ ਕਿ ਪਾਕਿਸਤਾਨ ਕਿੰਨਾ ਵੀ ਘਟੀਆ ਕੰਮ ਕਿਉਂ ਨਾ ਕਰੇ, ਭਾਰਤ ਦਾ ਸਿਤਾਰਾ ਬੁਲੰਦ ਰਹੇਗਾ। ਭਾਰਤ ਦਾ ਤਿਰੰਗਾ ਅਸਮਾਨ ਵਿੱਚ ਲਹਿਰਾਉਂਦਾ ਰਹੇਗਾ। ਪ੍ਰਧਾਨ ਮੰਤਰੀ ਮੋਦੀ ਨੂੰ ਚਨਾਬ ਪੁਲ 'ਤੇ ਤਿਰੰਗਾ ਫੜੇ ਹੋਏ ਦੇਖ ਕੇ ਪਾਕਿਸਤਾਨ ਦਾ ਬਲੱਡ ਪ੍ਰੈਸ਼ਰ ਜ਼ਰੂਰ ਵਧ ਗਿਆ ਹੋਵੇਗਾ।

## 40 ਸਾਲਾ ਬਾਦ ਦੇ ਪਹਿਲੀ ਵਾਰ ਅਮਨ ਅਮਾਨ ਨਾਲ ਸਮਾਪਤ ਹੋਇਆ ਸ੍ਰੀ ਅਕਾਲ ਤਖਤ ਸਾਹਿਬ 'ਤੇ ਸ਼ਹੀਦੀ ਸਮਾਗਮ : ਸੰਤ ਗਿਆਨੀ ਹਰਨਾਮ ਸਿੰਘ ਖਾਲਸਾ

**ਅੰਮ੍ਰਿਤਸਰ, 6 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਸ੍ਰੀ ਅਕਾਲ ਤਖਤ ਸਾਹਿਬ ਵਿਖੇ 41ਵਾਂ ਘੱਲੂਘਾਰਾ ਸ਼ਹੀਦੀ ਸਮਾਗਮ ਅਮਨ ਅਮਾਨ ਨਾਲ ਸੰਪੂਰਨ ਹੋਣ 'ਤੇ ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਟਕਰਾਅ ਦੇ ਟੱਲ ਜਾਣ ਦਾ ਸਿਹਰਾ ਸਮੁੱਚੀ ਸਿੱਖ ਕੌਮ ਨੂੰ ਦਿਤਾ ਅਤੇ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਦਾ ਬਹੁਤ ਅਦਬ ਸਤਿਕਾਰ ਰਹਿਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਜਦੋਂ ਤੋਂ ਜੂਨ 84 ਦੇ ਸ਼ਹੀਦਾਂ ਦੀ ਯਾਦ ਮਨਾਉਣ ਦੇ ਆ ਰਹੇ ਹਾਂ, ਇਹ ਪਹਿਲੀ ਵਾਰ ਹੈ ਕਿ ਸ਼ਹੀਦੀ ਸਮਾਗਮ ਪੰਥ ਨੇ ਬੜੀ ਸ਼ਾਂਤੀ, ਸਦਭਾਵਨਾ ਤੇ ਏਕਤਾ ਨਾਲ ਸੰਪੂਰਨ ਕੀਤਾ ਹੈ। ਜਿਸ ਦੇ ਲਈ ਉਹ ਸ੍ਰੀ ਗੁਰੂ ਸ੍ਰੀ ਗੁਰੂ ਰਾਮਦਾਸ ਜੀ, ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਅਤੇ ਸਮੂਹ ਸ਼ਹੀਦਾਂ ਦਾ ਸ਼ੁਕਰਾਰਨਾ ਕਰਦਾ ਹਾਂ । ਉਹਨਾਂ ਕਿਹਾ ਕਿ ਇਥੇ ਸ਼ਹੀਦਾਂ ਦੀ ਸ਼ਕਤੀ ਵਰਤਦੀ ਹੈ। ਉਥੇ ਹੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਭੂਮਿਕਾ ਦੀ ਸਰਾਹਨਾ ਕੀਤੀ ਜਿਨਾਂ ਨੇ ਬੜੀ ਸਿਆਣਪ ਸਹਿਣਸ਼ੀਲਤਾ ਤਨਦੇਹੀ ਅਤੇ ਦੂਰ ਅੰਦੇਸ਼ੀ ਨਾਲ ਟਕਰਾਅ ਨੂੰ ਰੋਕਣ ਵਿੱਚ ਆਪਣੀ ਭੂਮਿਕਾ ਨਿਭਾਈ ਹੈ। ਉਹਨਾਂ ਕਿਹਾ ਕਿ ਸ਼ਹੀਦਾਂ ਦੀ ਯਾਦ ਵਿੱਚ ਪੰਥ ਵਿੱਚ ਕਿਸੇ ਤਰ੍ਹਾਂ ਦਾ ਵੀ ਟਕਰਾਅ ਨਹੀਂ ਹੋਣਾ ਚਾਹੀਦਾ। ਅੱਜ ਦੁਨੀਆਂ ਭਰ ਦੇ ਵਿੱਚ ਇਸ ਸੰਦੇਸ਼ ਗਿਆ ਕਿ ਸ਼੍ਰੀ ਅਕਾਲ ਤਖਤ ਸਾਹਿਬ ਵਿੱਚ ਸਮੁੱਚੀ ਪੰਥ ਨੇ ਜੂਨ 84 ਦੇ ਸ਼ਹੀਦਾਂ ਦੀ ਯਾਦ ਬੜੀ ਸ਼ਾਂਤੀ ਅਦਬ ਸਤਿਕਾਰ ਨਾਲ ਮਨਾਈ। ਸ਼੍ਰੀ ਅਕਾਲ ਤਖਤ ਸਾਹਿਬ ਦੇ ਛਤਰ ਛਾਇਆ ਹੇਠ ਕੌਮ ਨੇ ਇੱਕ ਜੁੱਟਤਾ ਦਿਖਾਈ ਹੈ। ਅੱਜ ਦਾ ਸਮਾਗਮ ਸ਼ਹੀਦਾਂ ਦਾ ਸਮਾਗਮ ਹੈ ਅੱਜ ਤੋਂ 41 ਸਾਲ ਪਹਿਲਾਂ ਭਾਰਤੀ ਹਕੂਮਤ ਨੇ ਸ੍ਰੀ ਹਰਿਮੰਦਰ ਸਾਹਿਬ ਤੇ ਸ਼੍ਰੀ ਅਕਾਲ ਤਖਤ ਸਾਹਿਬ ਦੇ ਤੋਪਾਂ ਟੈਂਕਾਂ ਨਾ ਹਮਲਾ ਕੀਤਾ ਅਤੇ ਹਜ਼ਾਰਾਂ ਹੀ ਬੇਗੁਨਾਹ ਛੋਟੇ ਬੱਚਿਆਂ ਸਿੰਘਾਂ ਸਿੰਘਣੀਆਂ ਅਤੇ ਬਜ਼ੁਰਗਾਂ ਨੂੰ ਸ਼ਹੀਦ ਕੀਤਾ ਇਸੇ ਦੌਰਾਨ ਦਮਦਮੀ ਟਕਸਾਲ ਦੇ 14ਵੇਂ ਮੁਖੀ ਅਮਰ ਸ਼ਹੀਦ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਭਾਈ ਜਨਰਲ ਸ਼ਹਬੇਗ ਸਿੰਘ, ਸ਼ਹੀਦ ਬਾਬਾ ਠਾਰਾ ਸਿੰਘ ਤੇ ਅਨੇਕਾਂ ਸਿੰਘਾਂ ਦੀਆਂ ਸ਼ਹਾਦਤਾਂ ਹੋਈਆਂ। ਉਹਨਾਂ ਕਿਹਾ ਕਿ ਜੂਨ 84 ਦਾ ਮੁੱਖ ਸਮਾਗਮ ਸ੍ਰੀ ਅਕਾਲ ਤਖਤ ਸਾਹਿਬ 'ਤੇ ਹੁੰਦਾ ਹੈ, ਫਿਰ ਦੂਜਾ ਸਮਾਗਮ ਦਮਦਮੀ ਟਕਸਾਲ ਦੇ ਮੁੱਖ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਉਹਨਾਂ ਕਿਹਾ ਕਿ ਸ਼ਹੀਦਾਂ ਦਾ ਦਿਨ ਤਿਉਹਾਰ ਸ਼ਾਂਤੀ ਏਕਤਾ ਅਤੇ ਇਤਫਾਕ ਨਾਲ ਇਸੇ ਰੂਪ ਵਿੱਚ ਮਨਾਇਆ ਜਾਣਾ ਚਾਹੀਦਾ ਹੈ। ਦੁਨੀਆਂ ਨੂੰ ਇਹ ਸੰਦੇਸ਼ ਜਾਣਾ ਚਾਹੀਦਾ ਹੈ ਕਿ ਸਿੱਖ ਇਸ ਦਿਨ ਨੂੰ ਬੜੇ ਸਤਿਕਾਰ ਅਤੇ ਭੈ ਵਿੱਚ ਆਪਸੀ ਏਕਤਾ ਨਾਲ ਮਨਾਉਂਦੇ ਹਨ। ਪਰ ਕੁਝ ਤੱਤ ਅਜੇ ਹਨ ਜੋ ਹਮੇਸ਼ਾ ਹੀ ਇੱਥੇ ਆ ਕੇ ਇਸ ਜਗ੍ਹਾ ਦਾ ਮਾਹੌਲ ਖਰਾਬ ਕਰਨ ਅਤੇ ਗਲਤ ਰੰਗਤ ਦਿੰਦੇ ਹਨ, ਜਿਸ ਨਾਲ ਸਿੱਖ ਹਿਰਦੇ ਦੁਖੀ ਹੁੰਦੇ ਹਨ । ਅੱਜ ਸਿੱਖ ਦੁਸ਼ਮਣ ਜਮਾਤ ਦੀਆਂ ਨਜ਼ਰਾਂ ਇੱਥੇ ਲੱਗੀਆਂ ਹੋਈਆਂ ਸਨ ਪਰ ਉਹਨਾਂ ਦੇ ਮਨਸੂਬੇ ਕਾਮਯਾਬ ਨਹੀਂ ਹੋਏ। ਅੱਜ ਪਹਿਲੀ ਵਾਰ ਹੈ ਕਿ ਸਿੱਖਾਂ ਨੇ ਬੜੀ ਸ਼ਾਂਤੀ ਨਾਲ ਸ਼ਹੀਦਾਂ ਦਾ ਦਿਨ ਮਨਾਇਆ। ਦਮਦਮੀ ਟਕਸਾਲ ਅਤੇ ਸਿੱਖ ਸੰਪਰਦਾਵਾਂ ਦੇ ਸਿੱਖ ਪੰਥ ਵੱਲੋਂ ਅਪ੍ਰਵਾਨ ਜਥੇਦਾਰ ( ਗਿਆਨੀ ਕੁਲਦੀਪ ਸਿੰਘ ਗੜਗੱਜ) ਵੱਲੋਂ ਸ਼ਹੀਦੀ ਸਮਾਗਮ ਵਿੱਚ ਸੰਦੇਸ਼ ਨਾ ਦੇਣ ਅਤੇ ਸ਼ਹੀਦ ਪਰਿਵਾਰਾਂ ਨੂੰ ਸਨਮਾਨਿਤ ਨਾ ਦੇਣ ਪ੍ਰਤੀ ਮੰਗ ਨੂੰ ਸ਼ਹੀਦੀ ਸਮਾਗਮ ਦੇ ਪ੍ਰਬੰਧਕ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਵਾਨ ਕਰ ਲੈਣ 'ਤੇ ਉਹਨਾਂ ਕਿਹਾ ਕਿ ਉਹ ਅਜਿਹਾ ਕੋਈ ਦਾਅਵਾ ਜਿਤਾਉਣ ਦੇ ਹੱਕ ਵਿੱਚ ਨਹੀਂ ਹਨ ਕਿਉਂਕਿ ਇਹ ਵੱਡੀ ਈਗੋ ਹਉਮੈ ਹੋਵੇਗੀ ਜੋ ਗੁਰੂ ਘਰ ਵਿੱਚ ਪ੍ਰਵਾਨ ਨਹੀਂ ਹਨ, ਉਹਨਾਂ ਕਿਹਾ ਕਿ ਮੈਂ ਅਪੀਲ ਕੀਤੀ ਸੀ ਕਿ ਜਥੇਦਾਰਾਂ ਦੀ ਨਿਯੁਕਤੀ ਸਮੁੱਚੀਆਂ ਸਿੱਖ ਸੰਪਰਦਾਵਾਂ, ਨਿਹੰਗ ਸਿੰਘ ਜਥੇਬੰਦੀਆਂ, ਸਿੰਘ ਸਭਾਵਾਂ ਫੈਡਰੇਸ਼ਨ ਅਤੇ ਸੰਘਰਸ਼ਸ਼ੀਲ ਸਿੱਖ ਜਥੇਬੰਦੀਆਂ ਨੂੰ ਵਿਸ਼ਵਾਸ ਵਿੱਚ ਲੈ ਕੇ ਨਿਯੁਕਤ ਕੀਤੇ ਜਾਣੇ ਚਾਹੀਦੇ ਹਨ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਜਥੇਦਾਰਾਂ ਦੀ ਨਿਯੁਕਤੀ ਸਬੰਧੀ ਸਮੂਹ ਪੰਥਕ ਜਥੇਬੰਦੀਆਂ ਨਾਲ ਮਿਲ ਬੈਠ ਕੇ ਵਿਚਾਰ ਕਰਨਗੇ। ਉਹਨਾਂ ਕਿਹਾ ਕਿ ਤਖਤਾਂ ਦੇ ਜਥੇਦਾਰਾਂ ਦੀ ਨਿਯੁਕਤੀ ਸ਼੍ਰੋਮਣੀ ਕਮੇਟੀ ਵੱਲੋਂ ਸਮੂਚੀਆਂ ਸਿੱਖ ਜਥੇਬੰਦੀਆਂ ਨੂੰ ਵਿਸ਼ਵਾਸ ਵਿੱਚ ਲੈ ਕੇ ਕਰੇ ਤਾਂ ਕੋਈ ਵਿਵਾਦ ਨਹੀਂ ਹੈ ਜਦੋਂ ਅਸੀਂ ਪੰਥ ਨੂੰ ਵਿਸ਼ਵਾਸ ਵਿੱਚ ਨਹੀਂ ਲੈਂਦੇ ਤਾਂ ਵਿਵਾਦ ਖੜੇ ਹੁੰਦੇ ਹਨ। ਉਹਨਾਂ ਕਿਹਾ ਕਿ ਜਥੇਦਾਰਾਂ ਦੀ ਨਿਯੁਕਤੀ ਜਿੱਥੇ ਵਿਧੀ ਵਿਧਾਨ ਅਨੁਸਾਰ ਹੋਣੀ ਚਾਹੀਦੀ ਹੈ ਉਥੇ ਹੀ ਜਥੇਦਾਰਾਂ ਨੂੰ ਵਿਦਾਇਗੀ ਦੇਣ ਵੇਲੇ ਵੀ ਸਨਮਾਨ ਪੂਰਵਕ ਸੇਵਾ ਮੁਕਤ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਇਹਨਾਂ ਮਾਮਲਿਆਂ ਦੇ ਸਥਾਈ ਹੱਲ ਕੱਢਣ ਲਈ ਸ਼੍ਰੋਮਣੀ ਕਮੇਟੀ ਨੂੰ ਕਹਿਣਗੇ ਤਾਂ ਕਿ ਸਿੱਖ ਜਥੇਬੰਦੀਆਂ ਦੇ ਸਰਬ ਸਾਂਝੇ ਰਾਏ ਨਾਲ ਸਰਬ ਪ੍ਰਵਾਨਿਤ ਜਥੇਦਾਰ ਲਗਾਏ ਜਾ ਸਕਣ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223





# ਜਨਮ ਦਿਨ ਮੁਬਾਰਕ

**ਜਸਨੂਰ ਸਿੰਘ**
ਪਿਤਾ=ਹਰਸਿਮਰਨ ਸਿੰਘ
ਮਾਤਾ=ਮਨਦੀਪ ਕੌਰ
ਅੰਮ੍ਰਿਤਸਰ
ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM
International Newspaper & WEB TV

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ



ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
ਅੰਮ੍ਰਿਤ ਸੰਚਾਰ
AMRIT SANCHAR
SUNDAY
15TH JUN
AT
12:30PM
GURDWARA SRI GURU SINGH SABHA
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN
(BODY & HAIR WASH)
CONTACT 07940 270 120 FOR MORE DETAILS


GLASGOW
ਆਵਾਜ਼ਿ ਕੌਮ
AWAZE QAUM
International Newspaper & WEB TV
ਅੰਮ੍ਰਿਤ ਸੰਚਾਰ
AMRIT SANCHAR
SATURDAY
7TH JUN
AT
12:30PM
CENTRAL GURDWARA SINGH SABHA
176 BERKELEY STREET | GLASGOW | G3 7HY
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN
(BODY & HAIR WASH)
CONTACT 07894 872 742 FOR MORE DETAILS

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ


## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ॥

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778



GURDWARA BABA SANG JI
SMETHWICK, BIRMINGHAM
6TH - 8TH JUNE
8th June ਅੰਮ੍ਰਿਤ ਸੰਚਾਰ (12PM)
AMRIT SANCHAR
Naujawan Sewak Sabha Birmingham UK
COMMEMORATING THE SHAHEEDI DIVAS OF
DHAN DHAN SRI GURU ARJAN DEV MAHARAJ JI
AND ALL SHAHEEDS OF JUNE 1984
Arambh Sri Akhand Path Sahib : Friday 6th June 2025 (11AM)
Bhog Sri Akhand Path Sahib : Sunday 8th June 2025 (10AM)
ਮਹਾਨ ਅੰਮ੍ਰਿਤ ਸੰਚਾਰ
MAHAAN AMRIT SANCHAR
ਦਮਦਮੀ ਟਕਸਾਲ
Sunday 8th June 2025 (12PM)
Kakaars will be provided by
GURDWARA BABA SANG JI SMETHWICK, BIRMINGHAM
7-9 St Paul's Rd, Smethwick B66 1EE
For more information contact:
Devinder Singh: 07452 765165
Manjinder Singh: 07848460728
Design & Printed by Star Signs & Displays - 0121 572 0909
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਜੂਨ 1984 ਦੇ ਘੱਲੂਘਾਰੇ ਨੂੰ ਸਮਰਪਿਤ ਸਮਾਗਮ



ਦਮਦਮੀ ਟਕਸਾਲ ਦੇ 14ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਭਾਈ ਅਮਰੀਕ ਸਿੰਘ ਜੀ ਖਾਲਸਾ, ਜਰਨਲ ਸਰਦਾਰ ਸੁਬੇਗ ਸਿੰਘ ਜੀ ਅਤੇ ਬਾਬਾ ਠਾਹਰਾ ਸਿੰਘ ਜੀ ਦੀਆਂ ਸ਼ਹੀਦੀਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ਅਤੇ ਇਹ ਸਮਾਗਮ 75 ਵੀਂ ਸਲਾਨਾ ਬਰਸੀ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਨੂੰ ਵੀ ਸਮਰਪਿਤ ਹੋਣਗੇ।

☛ ਤਿੰਨੋਂ ਦਿਨ ਸ੍ਰੀ ਅਖੰਡ ਪਾਠ ਸਾਹਿਬ ਜੀ ਸਿੱਖ ਚੈਨਲ ਯੂ ਕੇ ਤੇ ਲਾਈਵ ਟੈਲੀਕਾਸਟ ਹੋਵੇਗਾ। ☛ ਸ਼ੁੱਕਰਵਾਰ 6 ਜੂਨ 2025 ਨੂੰ 9:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ 5 ਤੋ 8 ਸ਼ਾਮ ਨੂੰ ਦੀਵਾਨ ਵੀ ਸਜਣਗੇ

☛ 8 ਜੂਨ ਐਤਵਾਰ ਨੂੰ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ ☛ ਸ਼ਨਿੱਚਰਵਾਰ 7 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ। ☛ ਐਤਵਾਰ 8 ਜੂਨ 6:00 ਵਜੇ ਸਵੇਰੇ ਚੁਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਅਤੇ ਸਮੇਤ ਸੁਖਮਨੀ ਸਾਹਿਬ ਦੇ 9: 00 ਵਜੇ ਭੋਗ ਪੈਣਗੇ ਉਪੰਰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਅਤੇ ਰਾਗੀ ਸਿੰਘ ਕੀਰਤਨ ਰਾਹੀਂ, ਗੁਰਬਾਣੀ ਕਥਾ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ ☛ ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

### ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪਿੰਡਾਂ ਵਿੱਚ

# ਕਾਨੂੰਨੀ ਜਾਗਰੂਕਤਾ ਫੈਲਾਉਣ ਲਈ ਟਰੈਵਲ ਵੈਨ ਰਵਾਨਾ



ਸੰਗਰੂਰ ( ਰਣਜੀਤ ਸਿੰਘ ਪੇਧਨੀ ) ਸ਼੍ਰੀ ਮੁਨੀਸ਼ ਸਿੰਗਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨਜ਼ ਜੱਜ–ਸਹਿਤ ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਜੀ ਦੁਆਰਾ ਅੱਜ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਟਰੈਵਲ ਵੈਨ ਨੂੰ ਪਿੰਡਾਂ ਵਿੱਚ ਕਾਨੂੰਨੀ ਜਾਕਰੂਕਤਾ ਫੈਲਾਉਣ ਲਈ ਹਰੀ ਝੰ.ਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਸ੍ਰੀ ਅਮ੍ਰਿੰਦਰ ਪਾਲ ਸਿੰਘ, ਪ੍ਰਿੰਸੀਪਲ ਜੱਜ ਫੈਮਲੀ ਕੌਰਟ; ਸ੍ਰੀ ਬਲਵਿੰਦਰ ਕੁਮਾਰ, ਸ੍ਰੀਮਤੀ ਮਨਜਿੰਦਰ ਅਤੇ ਸ੍ਰੀ ਉਪਿੰਦਰ ਸਿੰਘ ਜੰਡੂ, ਵਧੀਕ ਜ਼ਿਲ੍ਹਾ ਅਤੇ ਸ਼ੈਸ਼ਨਜ਼ ਜੱਜ; ਅਥਾਰਟੀ ਦੇ ਸਕੱਤਰ ਸ੍ਰੀਮਤੀ ਦਲਜੀਤ ਕੌਰ, ਸਿਵਲ ਜੱਜ ਸੀਨੀਅਰ ਡਵੀਜ਼ਨ/ਸੀ.ਜੇ.ਐੱਮ; ਸ੍ਰੀਮਤੀ ਮਨਪ੍ਰੀਤ ਕੌਰ, ਸੀ.ਜੇ.ਐੱਮ.; ਸ੍ਰੀਮਤੀ ਰੀਟਾ ਹੰਸ, ਵਧੀਕ ਸਿਵਲ ਜੱਜ ਸੀਨੀਅਰ ਡਵੀਜ਼ਨ; ਸ੍ਰੀਮਤੀ ਰਾਜਨਦੀਪ ਕੌਰ ਬਿਲਿੰਗ, ਸਿਵਲ ਜੱਜ ਜੂਨੀਅਰ ਡਵੀਜ਼ਨ; ਵਕੀਲ ਸਾਹਿਬਾਨ ਅਤੇ ਹੋਰ ਸਟਾਫ ਹਾਜ਼ਰ ਸਨ। ਇਸ ਮੌਕੇ ਸ੍ਰੀਮਤੀ ਦਲਜੀਤ ਕੌਰ, ਸੀ.ਜੇ.ਐਮ–ਸਹਿਤ–ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਜੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਇਹ ਵੈਨ ਮਿਤੀ 06.06.2025 ਤੋਂ 19.06.2025 ਤੱਕ ਜ਼ਿਲ੍ਹਾ ਸੰਗਰੂਰ ਦੇ ਲਗਭਗ 97 ਪਿੰਡਾਂ ਵਿੱਚ ਕਾਨੂੰਨੀ ਸਾਖਰਤਾ ਮੁਹਿੰਮ ਤਹਿਤ ਚਲਾਈ ਜਾਵੇਗੀ ਅਤੇ ਇਸ ਰਾਹੀਂ ਅਧਿਕਾਰ ਮਿੱਤਰ ਅਤੇ ਵਕੀਲ ਸਾਹਿਬਾਨ ਦੀਆਂ ਟੀਮਾਂ ਵੱਖ ਵੱਖ ਜਗ੍ਹਾ ਤੇ ਸੈਮੀਨਾਰ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਕਾਨੂੰਨੀ ਹੱਕਾਂ ਅਤੇ ਅਥਾਰਟੀ ਵੱਲੋਂ ਦਿੱਤੀਆਂ ਜਾ ਰਹਿਆਂ ਕਾਨੂੰਨੀ ਸੇਵਾਵਾਂ ਬਾਰੇ ਜਾਗਰੂਕ ਕਰਣਗੇ। ਅਥਾਰਟੀ ਵੱਲੋਂ ਦਿੱਤੀਆਂ ਜਾ ਰਹੀਆਂ ਕਾਨੂੰਨੀ ਸੇਵਾਵਾਂ ਬਾਰੇ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਵੰਚਿਤ ਕੈਟਾਗਿਰੀਆਂ ਦੇ ਵਿਅਕਤੀਆਂ ਜਿਵੇਂ ਕਿ ਅਨੁਸੂਚਿਤ ਜਾਤੀ/ਅਨੁਸੂਚਿਤ ਕਬੀਲੇ ਦੇ ਮੈਂਬਰ, ਮਨੁੱਖ ਤਸਕਰੀ ਜਾਂ ਸ਼ੋਸ਼ਣ ਦੇ ਸ਼ਿਕਾਰ ਵਿਅਕਤੀ, ਵੱਡੀ ਮੁਸੀਬਤ/ਕੁਦਰਤੀ ਆਫ਼ਤਾਂ ਜਾਂ ਉਦਯੋਗਿਕ ਤਬਾਹੀ ਦੇ ਮਾਰੇ, ਔਰਤ ਜਾਂ ਬੱਚਾ, ਮਾਨਸਿਕ ਰੋਗੀ/ਦਿਵਿਆਂਗ ਵਿਅਕਤੀ, ਉਦਯੋਗਿਕ ਕਾਮੇ, ਹਿਰਾਸਤ ਵਿੱਚ (ਜ਼ੇਲ੍ਹ ਜਾਂ ਸੁਰੱਖਿਆ ਵਾਲੇ ਘਰ ਜਾਂ ਬਾਲ–ਘਰ ਜਾਂ ਮਨੋਵਿਗਿਆਨਕ ਹਸਪਤਾਲ ਵਿੱਚ ਬੰਦ) ਵਿਅਕਤੀ ਅਤੇ ਹਰ ਉਹ ਵਿਅਕਤੀ ਜਿਸਦੀ ਸਲਾਨਾ ਆਮਦਨ 3,00,000/– ਰੁਪਏ ਤੋਂ ਵੱਧ ਨਾ ਹੋਵੇ ਨੂੰ ਕਾਨੂੰਨੀ ਸੇਵਾਵਾਂ ਸੰਸਥਾਵਾਂ ਵੱਲੋਂ ਉਪ–ਮੰਡਲ, ਜ਼ਿਲ੍ਹਾ, ਮਾਨਯੋਗ ਹਾਈ ਕੋਰਟ ਜਾਂ ਮਾਨਯੋਗ ਸੁਪਰੀਮ ਕੋਰਟ ਪੱਧਰ ਤੇ ਦੀਵਾਨੀ, ਫੌਜਦਾਰੀ ਅਤੇ ਮਾਲ ਦੀਆਂ ਕਚਹਿਰੀਆਂ ਵਿੱਚ ਚਾਰਾਜ਼ੋਈ ਲਈ ਵਕੀਲ ਦੀਆਂ ਮੁਫ਼ਤ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ।

### ਭਾਗ ਦੂਸਰਾ

# ਮਾਨਸਿਕ ਅਤੇ ਸਰੀਰਕ ਸਿਹਤ ਦਾ ਆਪਸੀ ਸੰਬੰਧ



**ਅੰਤੜੀਆਂ ਤੇ ਦਿਮਾਗ ਦਾ ਆਪਸੀ ਸੰਬੰਧ**

ਦਿਮਾਗ–ਸਰੀਰ ਦੇ ਸੰਬੰਧ ਦੇ ਸਭ ਤੋਂ ਦਿਲਚਸਪ ਪਹਿਲੂਆਂ ਵਿੱਚੋਂ ਇੱਕ ਅੰਤੜੀਆਂ–ਦਿਮਾਗ ਦਾ ਆਪਸੀ ਸੰਬੰਧ ਹੈ। ਇਹ ਦੋ–ਤਰੀਕੇ ਦੀ ਸੰਚਾਰ ਨੈੱਟਵਰਕ ਪੇਟ ਦੇ ਪਦਾਰਥਾਂ ਨੂੰ ਦਿਮਾਗ ਨਾਲ ਜੋੜਦੀ ਹੈ। ਗਟ ਮਾਈਕ੍ਰੋਬਾਇਓਮ—ਜੋ ਕਿ ਟ੍ਰਿਲੀਅਨ ਬੈਕਟੀਰੀਆ ਦਾ ਸਮੂਹ ਹੈ—ਇਸ ਸੰਪਰਕ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਉਂਦਾ ਹੈ। ਖੋਜ ਦਰਸਾਉਂਦੀ ਹੈ ਕਿ ਗਟ ਦੀ ਸਿਹਤ ਮਾਨਸਿਕ ਹਾਲਤ ਅਤੇ ਕੋਗਨੀਟਿਵ ਫੰਕਸ਼ਨ ਨੂੰ ਨਿਊਰੋਟਰਾਂਸਮੀਟਰਾਂ ਅਤੇ ਹੋਰ ਮੈਟਾਬੋਲਾਈਟਾਂ ਦੇ ਉਤਪਾਦਨ ਰਾਹੀਂ ਪ੍ਰਭਾਵਿਤ ਕਰ ਸਕਦੀ ਹੈ।

ਉਦਾਹਰਨ ਵਜੋਂ ਕੁਝ ਪ੍ਰੋਬਾਇਓਟਿਕਸ ਨੂੰ ਚਿੰਤਾ ਅਤੇ ਡਰ ਦੇ ਲੱਛਣਾਂ ਨੂੰ ਘੱਟ ਕਰਨ ਵਿੱਚ ਮਦਦਗਾਰ ਪਾਇਆ ਗਿਆ ਹੈ ਕਿਉਂਕਿ ਇਹ ਇੱਕ ਸਿਹਤਮੰਦ ਗਟ ਮਾਈਕ੍ਰੋਬਾਇਓਮ ਨੂੰ ਉਤਸ਼ਾਹਿਤ ਕਰਦੇ ਹਨ। ਇਹ ਉਭਰਦੀ ਹੋਈ ਖੋਜ ਦਿਖਾਉਂਦੀ ਹੈ ਕਿ ਮਾਨਸਿਕ ਅਤੇ ਸਰੀਰਕ ਸਿਹਤ ਨੂੰ ਇਕੱਠੇ ਧਿਆਨ ਵਿੱਚ ਰੱਖਣਾ ਕਿੰਨਾ ਜਰੂਰੀ ਹੈ।

**ਦਿਮਾਗ-ਸਰੀਰ ਦੇ ਸੰਪਰਕ ਨੂੰ ਸੁਧਾਰਨ ਲਈ ਰਣਨੀਤੀਆਂ**

ਦਿਮਾਗ ਅਤੇ ਸਰੀਰ ਵਿਚਕਾਰ ਇੱਕ ਸਿਹਤਮੰਦ ਸੰਬੰਧ ਨੂੰ ਵਧਾਉਣ ਲਈ, ਹੇਠ ਲਿਖੀਆਂ ਰਣਨੀਤੀਆਂ ਨੂੰ ਅਪਣਾਉਣ ਬਾਰੇ ਸੋਚੋ:

1. **ਰੋਜ਼ਾਨਾ ਕਸਰਤ**: ਹਫ਼ਤੇ ਵਿੱਚ ਘੱਟੋ–ਘੱਟ 150 ਮਿੰਟ ਮੋਡਰੇਟ ਏਰੋਬਿਕ ਗਤੀਵਿਧੀ ਕਰਨ ਦਾ ਟੀਚਾ ਰੱਖੋ। ਸਰੀਰਕ ਸਿਹਤ ਨੂੰ ਵਧਾਉਣ ਲਈ ਤਾਕਤ ਵਧਾਉਣ ਵਾਲੀਆਂ ਕਸਰਤਾਂ ਨੂੰ ਵੀ ਸ਼ਾਮਲ ਕਰੋ।

2. **ਸੰਤੁਲਿਤ ਪੋਸ਼ਣ**: ਪੋਸ਼ਣਾਂ ਨਾਲ ਭਰਪੂਰ ਸਾਫ਼ ਖੁਰਾਕਾਂ 'ਤੇ ਧਿਆਨ ਦਿਓ। ਆਪਣੇ ਆਹਾਰ ਵਿੱਚ ਫਲ, ਸਬਜ਼ੀਆਂ, ਪੂਰੇ ਅਨਾਜ, ਕਾਰਬੋਹਾਈਡਰੇਟ, ਪ੍ਰੋਟੀਨ ਅਤੇ ਸਿਹਤਮੰਦ ਚਰਬੀ ਨੂੰ ਸ਼ਾਮਲ ਕਰੋ।

3. **ਮਾਈਂਡਫੁੱਲਨੈੱਸ ਅਭਿਆਸ**: ਧਿਆਨ, ਯੋਗਾ, ਅਤੇ ਡੀਪ–ਬ੍ਰੀਥਿੰਗ ਅਭਿਆਸ ਆਦਿ ਤਕਨੀਕਾਂ ਤਣਾਅ ਨੂੰ ਘੱਟ ਕਰਨ ਅਤੇ ਭਾਵਨਾਤਮਕ ਨਿਯੰਤ੍ਰਣ ਨੂੰ ਸੁਧਾਰਨ ਵਿੱਚ ਮਦਦ ਕਰ ਸਕਦੀਆਂ ਹਨ।

4. **ਗੁਣਵੱਤਾ ਵਾਲੀ ਨੀਂਦ**: ਨੀਂਦ ਦੀ ਸਿਹਤ ਨੂੰ ਪਹਿਲ ਦਿਓ ਜਿਵੇਂ ਕਿ ਨੀਂਦ ਦਾ ਨਿਰਧਾਰਿਤ ਸਮਾਂ ਬਣਾਉਣਾ ਅਤੇ ਇੱਕ ਆਰਾਮਦਾਇਕ ਵਾਤਾਵਰਨ ਬਣਾਉਣਾ, ਜੋ ਕੋਗਨੀਟਿਵ ਫੰਕਸ਼ਨ ਨੂੰ ਸਮਰਥਨ ਦੇਵੇ।

5. **ਸਮਾਜਿਕ ਸੰਪਰਕ**: ਦੋਸਤਾਂ ਅਤੇ ਪਰਿਵਾਰ ਨਾਲ ਮਜ਼ਬੂਤ ਸੰਬੰਧ ਬਣਾਈ ਰੱਖੋ। ਸਮਾਜਿਕ ਸਮਰਥਨ ਮਾਨਸਿਕ ਸੁਖ–ਦੁੱਖ ਲਈ ਮਹੱਤਵਪੂਰਣ ਹੈ।

ਦਿਮਾਗ ਅਤੇ ਸਰੀਰ ਦੇ ਵਿਚਕਾਰ ਦਾ ਸੰਬੰਧ ਇੱਕ ਜਟਿਲ ਪਰੰਤੂ ਲਾਜ਼ਮੀ ਪ੍ਰਭਾਵ ਹੈ ਜੋ ਸਮੂਹਿਕ ਸਿਹਤ ਦੇ ਦ੍ਰਿਸ਼ਟੀਕੋਣ ਦੀ ਮਹੱਤਤਾ ਨੂੰ ਦਰਸਾਉਂਦਾ ਹੈ। ਜਦੋਂ ਅਸੀਂ ਸਮਝਦੇ ਹਾਂ ਕਿ ਸਾਡੇ ਮਾਨਸਿਕ ਹਲਾਤ ਕਿਵੇਂ ਸਾਡੇ ਸਰੀਰਕ ਸਿਹਤ ਨੂੰ ਪ੍ਰਭਾਵਿਤ ਕਰਦੇ ਹਨ ਉਸ ਸਮੇਂ ਅਸੀਂ ਆਪਣੇ ਸੁੱਖ ਅਤੇ ਖੁਸ਼ੀਆਂ ਦੇ ਪਲਾਂ ਨੂੰ ਵਧਾਉਣ ਲਈ ਕਦਮ ਚੁੱਕ ਸਕਦੇ ਹਾਂ। ਮੌਜੂਦਾ ਖੋਜ ਇਸ ਜਟਿਲ ਸੰਪਰਕ ਬਾਰੇ ਨਵੇਂ ਜਾਣਕਾਰੀਆਂ ਪ੍ਰਗਟ ਕਰਦੀ ਹੈ ਇਸ ਦੇ ਨਾਲ ਇਹ ਸਾਫ਼ ਹੁੰਦਾ ਜਾ ਰਿਹਾ ਹੈ ਕਿ ਆਪਣੇ ਮਨ ਅਤੇ ਸਰੀਰ ਦੋਹਾਂ ਦੀ ਦੇਖਭਾਲ ਕਰਨਾ ਸਿਹਤਮੰਦ ਅਤੇ ਸੰਤੁਸ਼ਟ ਜੀਵਨ ਜੀਉਣ ਲਈ ਜ਼ਰੂਰੀ ਹੈ।

**-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ।**

# ਜ਼ਿਲ੍ਹਾ ਕੋਰਟ ਕੰਪਲੈਕਸ ਅਤੇ ਸਬ-ਡਵੀਜਨਜ਼ ਕੋਰਟ ਕੰਪਲੈਕਸਾਂ ਵਿਖੇ ਵਿਸ਼ਵ ਵਾਤਾਵਰਨ ਦਿਵਸ ਮੌਕੇ ਬੂਟੇ ਲਗਾਏ



**ਸੰਗਰੂਰ (ਰਣਜੀਤ ਸਿੰਘ ਪੇਧਨੀ )** - ਮਾਨਯੋਗ ਜਸਟਿਸ ਸ੍ਰੀ ਦੀਪਕ ਸਿੱਬਲ, ਜੱਜ, ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਜੀਆਂ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸ਼੍ਰੀ ਮੁਨੀਸ਼ ਸਿੰਗਲ, ਮਾਨਯੋਗ ਜਿਲ੍ਹਾ ਅਤੇ ਸੈਸ਼ਨਜ਼ ਜੱਜ—ਸਹਿਤ—ਚੇਅਰਮੈਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਜੀ ਦੀ ਅਗਵਾਈ ਹੇਠ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਵੱਲੋਂ ਵਿਸ਼ਵ ਵਾਤਾਵਰਨ ਦਿਵਸ ਦੇ ਮੌਕੇ ਤੇ ਰੁੱਖ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਜਿਲ੍ਹਾ ਕੋਰਟ ਕੰਪਲੈਕਸ ਸੰਗਰੂਰ ਵਿਖੇ ਬੂਟੇ ਲਗਾਏ ਗਏ। ਇਸ ਮੌਕੇ ਸ੍ਰੀ ਬਲਵਿੰਦਰ ਕੁਮਾਰ, ਸ੍ਰੀਮਤੀ ਮਨਜਿੰਦਰ ਅਤੇ ਸ੍ਰੀ ਉਪਿੰਦਰ ਸਿੰਘ ਜੰਡੂ, ਵਧੀਕ ਜ਼ਿਲ੍ਹਾ ਅਤੇ ਸ਼ੈਸ਼ਨਜ਼ ਜੱਜ; ਅਥਾਰਟੀ ਦੇ ਸਕੱਤਰ ਸ੍ਰੀਮਤੀ ਦਲਜੀਤ ਕੌਰ, ਸਿਵਲ ਜੱਜ ਸੀਨੀਅਰ ਡਵੀਜ਼ਨ/ਸੀ.ਜੇ.ਐੱਮ; ਸ੍ਰੀ ਜਗਮਿਲਾਪ ਸਿੰਘ ਖੁਸ਼ਿਦਲ, ਸਿਵਲ ਜੱਜ ਸੀਨੀਅਰ ਡਵੀਜ਼ਨ; ਸ੍ਰੀਮਤੀ ਮਨਪ੍ਰੀਤ ਕੌਰ, ਸੀ.ਜੇ.ਐੱਮ.; ਸ੍ਰੀਮਤੀ ਰੀਟਾ ਹੰਸ, ਵਧੀਕ ਸਿਵਲ ਜੱਜ ਸੀਨੀਅਰ ਡਵੀਜ਼ਨ; ਸ੍ਰੀਮਤੀ ਰਾਜਨਦੀਪ ਕੌਰ ਬਿਲਿੰਗ, ਸ੍ਰੀ ਮਨੂ ਸਿੰਗਲਾ ਅਤੇ ਸ੍ਰੀ ਸਲੀਲ ਗੋਇਲ, ਸਿਵਲ ਜੱਜ ਜੂਨੀਅਰ ਡਵੀਜ਼ਨ; ਸ੍ਰੀ ਸੁਖਵੀਰ ਸਿੰਘ, ਰੇਜ਼ ਅਫ਼ਸਰ ਜੰਗਲਾਤ ਵਿਭਾਗ ਅਤੇ ਹੋਰ ਸਟਾਫ ਹਾਜ਼ਰ ਸਨ। ਇਸ ਦੇ ਨਾਲ ਹੀ ਕਚਹਿਰੀ ਕੰਪਲੈਕਸ ਮਲੇਰਕੋਟਲਾ, ਸੁਨਾਮ, ਧੂਰੀ ਅਤੇ ਮੂਨਕ ਅਤੇ ਸਮਝੌਤਾ ਸਦਨ ਸੰਗਰੂਰ ਵਿਖੇ ਨਿਆਂਇਕ ਅਧਿਕਾਰੀਆਂ ਵੱਲੋਂ ਰੁੱਖ ਲਗਾ ਕੇ ਇਸ ਮੁਹਿੰਮ ਦਾ ਹਿੱਸਾ ਬਣਿਆ ਗਿਆ। ਇਸ ਮੁਹਿੰਮ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸਮਝੌਤਾ ਸਦਨ ਸੰਗਰੂਰ ਦੇ ਸਾਹਮਣੇ ਇੱਕ ਸਟਾਲ ਲਗਾ ਕੇ ਆਮ ਲੋਕਾਂ ਨੂੰ ਬੂਟੇ ਵੰਡੇ ਗਏ। ਇਸ ਮੌਕੇ ਸ੍ਰੀਮਤੀ ਦਲਜੀਤ ਕੌਰ, ਸੀ.ਜੇ.ਐਮ–ਸਹਿਤ–ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸੰਗਰੂਰ ਜੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਅੱਜ ਦੇ ਸਮੇਂ ਵਿਚ ਰੁੱਖਾਂ ਦੀ ਬਹੁਤ ਮਹੱਤਤਾ ਹੈ, ਇਹਨਾਂ ਨਾਲ ਸਾਨੂੰ ਸਾਫ ਪਾਣੀ ਅਤੇ ਹਵਾ ਮਿਲਦੀ ਹੈ ਜੋ ਕਿ ਸਾਨੂੰ ਬਿਮਾਰੀ ਰਹਿਤ ਜ਼ਿੰਦਗੀ ਪ੍ਰਦਾਨ ਕਰਦੇ ਹਨ। ਵਾਤਾਵਰਣ ਬਚਾਉਣ ਅਤੇ ਸਿਹਤਮੰਦ ਵਾਤਾਵਰਣ ਪ੍ਰਣਾਲੀ ਨੂੰ ਯਕੀਨੀ ਬਣਾਉਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਲੋੜ ਹੈ। ਇਸ ਤੋਂ ਇਲਾਵਾ ਉਹਨਾਂ ਨੇ ਆਮ ਲੋਕਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਰੁੱਖ ਲਗਾਉਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਰੁੱਖ ਲਗਾਉਣ ਉਪਰੰਤ ਜ਼ਿੰਮੇਵਾਰੀ ਨਾਲ ਉਸਦੀ ਸਾਂਭ—ਸੰਭਾਲ ਬਹੁਤ ਜ਼ਰੂਰੀ ਹੈ।

# ਤੀਸਰੇ ਘੱਲੂਘਾਰੇ ਨੂੰ ਸਮਰਪਿਤ ਦਮਦਮੀ ਟਕਸਾਲ ਮਹਿਤਾ ਵਿਖੇ ਈ ਐਮ ਸੀ ਗਰੁੱਪ ਹਸਪਤਾਲ ਦੀ ਬਰਾਂਚ ਪਲਸ ਹਸਪਤਾਲ ਵੱਲੋਂ ਮੁਫ਼ਤ ਚੈਕਅਪ ਕੈਂਪ ਲਗਾਇਆ



**ਚੌਕ ਮਹਿਤਾ 06 ਜੂਨ,( ਬਾਬਾ ਸੁਖਵੰਤ ਸਿੰਘ ਚੰਨਣਕੇ)**-ਤੀਸਰੇ ਘੱਲੂਘਾਰੇ ਨੂੰ ਸਮਰਪਿਤ ਦਮਦਮੀ ਟਕਸਾਲ ਮਹਿਤਾ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਖਾਲਸਾ ਜੀ ਦੀ ਅਗਵਾਈ ਹੇਠ ਈ ਐਮ ਸੀ ਗਰੁੱਪ ਹਸਪਤਾਲ ਅੰਮ੍ਰਿਤਸਰ ਵੱਲੋਂ ਮੁਫ਼ਤ ਚੈਕਅਪ ਕੈਂਪ ਲਗਾਇਆ ਗਿਆ ਜਿਸ ਵਿੱਚ ਈ ਸੀ ਜੀ ਸ਼ੂਗਰ ਬੀ ਪੀ ਦੇ ਫ੍ਰੀ ਟੈਸਟ ਕੀਤੇ ਗਏ ਤੇ ਫਰੀ ਦਵਾਈ ਦਿੱਤੀ ਗਈ ਨਾਲ ਦੀ ਨਾਲ ਖੂਨਦਾਨ ਕੈਂਪ ਵੀ ਲਗਾਇਆ ਗਿਆ ਜਿਸ ਵਿੱਚ ਡੋਨਰ ਨੇ ਵੱਧ ਤੋਂ ਵੱਧ ਹਿੱਸਾ ਲਿਆ ਇਹ ਸਾਰਾ ਪ੍ਰਬੰਧ ਚੇਅਰਮੈਨ ਈ ਐਮ ਸੀ ਗਰੁੱਪ ਹਸਪਤਾਲ ਦੇ ਪਵਨ ਅਰੋੜਾ ਔਰ ਐਮ ਡੀ ਡਾਕਟਰ ਰਿਸ਼ਬ ਅਰੋੜਾ ਸੀ ਓ ਓ ਡਾਕਟਰ ਕਾਜੀ ਡਾਕਟਰ ,ਡਾਕਟਰ ਅਮਿਤ ਮਲਹੋਤਰਾ, ਡਾਕਟਰ ਮਨਮੀਤ ਯੂਨਿਟ ਹੈਡ ,ਉਹਨਾਂ ਦੀ ਅਗਵਾਈ ਹੇਠ ਕੈਂਪ ਲਗਾਇਆ ਗਿਆ ਇਹ ਸਾਰੇ ਕੈਂਪ ਦਾ ਪ੍ਰਬੰਧ ਕੈਂਪ ਇਨਚਾਰਜ ਲਖਵਿੰਦਰ ਸਿੰਘ ਅਰਸ਼ੀ ਨੇ ਕੀਤਾ । ਇਸ ਮੌਕੇ ਤੇ ਡਾਕਟਰ ਸਪਨਾ ਅੱਤਰੀ ਸਟਾਫ ਨਰਸਿੰਗ ਇੰਚਾਰਜ ਕੁਲਵਿੰਦਰ ਕੌਰ, ਅਮਨਪ੍ਰੀਤ ਕੌਰ ,ਸੰਦੀਪ ਕੌਰ , ਫਾਰਮੇਸੀ ਇੰਚਾਰਜ ਸੁਖਵਿੰਦਰ ਕੌਰ , ਜਗਮੋਹਨ ਸਿੰਘ , ਸੁਖਸਹਿਜ ਸਿੰਘ , ਬਲੱਡ ਬੈਕ ਇੰਚਾਰਜ ਬਿੰਦੂ ਬਲੱਡ ਟੈਕਨੀਸੀਅਨ , ਭਾਰਤੀ ਅਤੇ ਹੈਲਪਰ ਤਰਲੋਚਨ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਹਿਕਾਰੀ ਖੇਤੀ ਵਿਕਾਸ ਬੈਂਕ ਧੂਰੀ ਨੇ ਵਿਸ਼ਵ ਵਾਤਾਵਰਨ ਦਿਵਸ ਅਤੇ ਅੰਤਰਰਾਸ਼ਟਰੀ ਸਹਿਕਾਰਤਾ ਵਰ੍ਹਾ 2025 ਮਨਾਇਆ

# ਰਾਜਵੰਤ ਸਿੰਘ ਘੁੱਲੀ, ਚੇਅਰਮੈਨ, ਮਾਰਕਿਟ ਕਮੇਟੀ ਧੂਰੀ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

**ਧੂਰੀ ( ਰਣਜੀਤ ਸਿੰਘ ਪੇਧਨੀ )**-ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ, ਧੂਰੀ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਮਨਾਇਆ ਗਿਆ ਅਤੇ ਅੰਤਰਰਾਸ਼ਟਰੀ ਸਹਿਕਾਰਤਾ ਵਰ੍ਹਾ 2025 ਤਹਿਤ ਸਹਿਕਾਰਤਾ ਬਾਰੇ ਜਾਗਰੂਕਤਾ ਵਿਚਾਰ ਗੋਸ਼ਟੀ ਕਰਵਾਈ ਗਈ, ਜਿਸ ਵਿਚ ਰਾਜਵੰਤ ਸਿੰਘ ਘੁੱਲੀ, ਚੇਅਰਮੈਨ, ਮਾਰਕਿਟ ਕਮੇਟੀ, ਧੂਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਸ. ਘੁੱਲੀ ਨੇ ਵਾਤਾਵਰਨ ਦਿਵਸ ਅਤੇ ਸਹਿਕਾਰੀ ਅਦਾਰਿਆਂ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ।ਉਹਨਾਂ ਕਿਹਾ ਕਿ ਮੌਜੂਦਾ ਹਾਲਾਤ ਦੇ ਮੱਦੇਨਜ਼ਰ ਵਾਤਾਵਰਨ ਸੰਭਾਲ ਬਹੁਤ ਜ਼ਰੂਰੀ ਹੈ। ਇਸ ਲਈ ਸਾਨੂੰ ਵੱਧ ਤੋਂ ਵੱਧ ਬੂਟੇ ਲਾਉਣੇ ਚਾਹੀਦੇ ਹਨ ਅਤੇ ਬੂਟੇ ਲਾ ਕੇ ਉਹਨਾਂ ਦੀ ਸੰਭਾਲ ਵੀ ਕਰਨੀ ਅੱਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਸਹਿਕਾਰੀ ਅਦਾਰਿਆਂ ਜ਼ਰੀਏ ਪੰਜਾਬ ਦੇ ਖੇਤੀਬਾੜੀ ਖੇਤਰ ਨੂੰ ਉੱਚ ਪੱਧਰ ਉੱਤੇ ਲਿਜਾਣ ਦੀਆਂ ਬਹੁਤ ਸੰਭਾਵਨਾਵਾਂ ਮੌਜੂਦ ਹਨ।ਪੰਜਾਬ ਸਰਕਾਰ ਦਿਨ-ਰਾਤ ਇੱਕ ਕਰ ਕੇ ਇਸ ਵਿਸ਼ੇ ਸਬੰਧੀ ਕੰਮ ਕਰ ਰਹੀ ਹੈ, ਜਿਸ ਦੇ ਸਾਰਥਕ ਸਿੱਟੇ ਸਾਹਮਣੇ ਆ ਰਹੇ ਹਨ। ਇਸ ਮੌਕੇ ਪੀ.ਏ.ਡੀ.ਬੀ. ਧੂਰੀ ਦੇ ਚੇਅਰਮੈਨ ਸਤਵੰਤ ਸਿੰਘ ਭੱਦਲਵੜ ਨੇ ਆਏ ਮਹਿਮਾਨਾਂ ਨੂੰ ਜੀ ਆਇਆ ਆਖਿਆ ਅਤੇ ਬੈਂਕ ਦੇ ਕੰਮਾਂ ਬਾਰੇ ਚਾਨਣਾ ਪਾਇਆ ਗਿਆ। ਇਸ ਉਪਰੰਤ ਜ਼ਿਲ੍ਹਾ ਸੰਗਰੂਰ ਦੇ ਸਹਾਇਕ ਜਨਰਲ ਮੈਨੇਜਰ, ਸ਼ੇਲੈਂਦਰ ਕੁਮਾਰ, ਵੱਲੋਂ ਅੰਤਰ ਰਾਸ਼ਟਰੀ ਸਹਿਕਾਰਤਾ ਸਾਲ 2025 ਅਤੇ ਇਸ ਦੀ ਪਿਛੋਕੜ ਸਬੰਧੀ ਚਾਨਣਾ ਪਾਇਆ ਗਿਆ ਅਤੇ ਅਜੋਕੇ ਸਮੇਂ ਵਿਚ ਸਹਕਾਰੀ ਅਦਾਰਿਆਂ ਦੀ ਮਹੱਤਤਾ ਬਾਰੇ ਦੱਸਿਆ ਗਿਆ। ਇਸ ਉਪਰੰਤ ਸੁਰਿੰਦਰ ਗਰਗ, ਮੈਨੇਜਰ ਪੀ.ਏ.ਡੀ.ਬੀ. ਧੂਰੀ ਨੇ ਸ. ਰਾਜਵੰਤ ਸਿੰਘ ਨੂੰ ਇੱਕ ਮਾਣ ਪੱਤਰ ਭੇਟ ਕੀਤਾ ਅਤੇ ਸਾਰੇ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅਜੋਕੇ ਯੁੱਗ ਵਿੱਚ ਧਰਤੀ ਨੂੰ ਹਰਾ ਭਰਾ ਬਣਾਉਣ ਦੀ ਬਹੁਤ ਜ਼ਰੂਰਤ ਹੈ। ਇਸ ਉਪਰੰਤ ਨਵੀਂ ਅਨਾਜ ਮੰਡੀ ਧੂਰੀ ਅਤੇ ਪਿੰਡ ਕੱਕੜਵਾਲ ਵਿਖੇ ਯੁਵਕ ਸੇਵਾਂਵਾ ਕਲੱਬ ਖੇੜੀ ਚਹਿਲਾਂ ਅਤੇ ਬਾਂਸਲ ਏਕਸਪੋਰਟ ਕੰਪਨੀ ਕੱਕੜਵਾਲ ਦੇ ਸਹਿਯੋਗ ਨਾਲ ਬੂਟੇ ਲਗਾਏ ਗਏ ਅਤੇ ਸਭ ਨੇ ਹਰ ਸਾਲ ਵਾਤਾਵਰਣ ਦਿਵਸ ਮਨਾਉਣ ਦਾ ਸਕੰਲਪ ਲਿਆ। ਇਸ ਮੌਕੇ ਬੈਂਕ ਦੇ ਕਮੇਟੀ ਮੈਂਬਰ ਕਰਮਜੀਤ ਸਿੰਘ ਬਟੂਹਾ, ਗੁਰਪ੍ਰੀਤ ਸਿੰਘ ਸੇਖੋਂ, ਸਮੂਹ ਸਟਾਫ ਹਰਪ੍ਰੀਤ ਸਿੰਘ, ਹਰਮਨਜੀਤ ਸਿੰਘ, ਸੁਮੀਤ ਰਾਜ, ਤੇਜਿੰਦਰ ਸਿੰਘ ਸਹਾਇਕ ਮੈਨੇਜਰ, ਨੀਰਜ ਗੁਪਤਾ ਸੀਨੀਅਰ ਆਡਿਟਰ, ਪਿਊਸ਼ ਗੋਇਲ ਮੈਨੇਜਰ ਕੇਂਦਰੀ ਸਹਿਕਾਰੀ ਬੈਂਕ ਧੂਰੀ ਅਤੇ ਉਘੇ ਵਾਤਾਵਰਨ ਪ੍ਰੇਮੀ ਗੁਰਜਿੰਦਰ ਕੌਰ, ਰਣਧੀਰ ਸਿੰਘ, ਸਾਗਰ ਕੁਮਾਰ ਰਾਜਪੂਤ, ਨਿਰਮਲ ਸਿੰਘ, ਲਖਣ ਗਰਗ, ਪੰਕਜ ਸ਼ਰਮਾ, ਚਰਨ ਸਿੰਘ ਚੌਧਰੀ ਹਾਜ਼ਰ ਸਨ।




### ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ

# ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਮਨਾਇਆ ਗਿਆ ਘੱਲੂਘਾਰਾ ਦਿਵਸ



**ਅੰਮ੍ਰਿਤਸਰ 6 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਵੱਲੋਂ 1984 ਦੇ ਘੱਲੂਘਾਰੇ ਦੌਰਾਨ ਅਤੇ ਉਪਰੰਤ ਸ਼ਹੀਦ ਹੋਏ ਸਿੰਘਾਂ-ਸਿੰਘਣੀਆਂ ਦੀ ਯਾਦ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਘੱਲੂਘਾਰਾ ਦਿਵਸ ਬੜੀ ਹੀ ਸ਼ਰਧਾ ਨਾਲ ਮਨਾਇਆ ਗਿਆ। ਇਹ ਦਿਨ ਨਾਂ ਸਿਰਫ਼ ਸਿੱਖ ਕੌਮ ਦੇ ਇਤਿਹਾਸ ਦਾ ਵਿਲੱਖਣ ਪੰਨਾ ਹੈ, ਸਗੋਂ ਇਹ ਸਿੱਖ ਕੌਮ ਦੇ ਅਸਤਿੱਤਵ, ਧਰਮ ਅਤੇ ਜ਼ਮੀਰ ਲਈ ਲੜਨ ਵਾਲਿਆਂ ਦੀ ਸ਼ਹਾਦਤ ਅੱਗੇ ਸਿਰ ਨਿਵਾਉਣ ਵਾਲਾ ਦਿਨ ਹੈ। ਸਵੇਰ ਤੋਂ ਹੀ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਦੇ ਵੱਡੇ ਸਮੂਹਾਂ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਖੇ ਦਰਸ਼ਨ ਇਸ਼ਨਾਨ, ਅਰਦਾਸ ਅਤੇ ਕੀਰਤਨ ਦੀ ਸੇਵਾ 'ਚ ਹਾਜ਼ਰੀ ਭਰੀ ਗਈ। ਇਸ ਮੌਕੇ 'ਤੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਜਿਸ ਨੂੰ ਘੱਲੂਘਾਰੇ ਦੌਰਾਨ ਸ਼ਹੀਦ ਹੋਏ ਸਿੰਘਾਂ ਦੀ ਆਤਮਿਕ ਸ਼ਾਂਤੀ ਅਤੇ ਸਿੱਖ ਕੌਮ ਦੀ ਚੜ੍ਹਦੀ ਕਲਾ ਨੂੰ ਸਮਰਪਿਤ ਕੀਤਾ ਗਿਆ। ਇਸ ਮੌਕੇ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਵੱਲੋਂ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਿਰੋਪਾਓ ਦੇਕੇ ਸਨਮਾਨਿਤ ਕੀਤਾ ਗਿਆ, ਜੋ ਕਿ ਸਿੱਖ ਸਿਧਾਂਤਾਂ ਅਨੁਸਾਰ ਬਹੁਤ ਉੱਚਾ ਧਾਰਮਿਕ ਸਨਮਾਨ ਹੈ। ਸਨਮਾਨਿਤ ਹੋਏ ਪਰਿਵਾਰਾਂ ਵਿੱਚ ਖ਼ਾਸ ਤੌਰ 'ਤੇ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਹਰਜਿੰਦਰ ਸਿੰਘ ਜਿੰਦਾ ਅਤੇ ਭਾਈ ਸੁਖਦੇਵ ਸਿੰਘ ਸੁੱਖਾ ਦੇ ਵੱਡੇ ਭਰਾਤਾ ਭਾਈ ਭੁਪਿੰਦਰ ਸਿੰਘ ਜੀ ਗੱਦਲੀ ਜੋ ਇਸ ਸਮੇਂ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਪਾਰਟੀ ਅਕਾਲੀ ਦਲ ( ਵਾਰਿਸ ਪੰਜਾਬ ਦੇ ) ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਕਾਰਜਕਾਰੀ ਮੈਂਬਰ ਵੱਜੋਂ ਸੇਵਾਦਾਰ ਨਿਭਾ ਰਹੇ ਹਨ ਅਤੇ ਭਾਈ ਸ਼ਹੀਦ ਬਲਵਿੰਦਰ ਸਿੰਘ ਜੀ ਰਾਜੂ ਦੀ ਮਾਤਾ ਜੀ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਸਭ ਤੋਂ ਵੱਡੀ ਤੇ ਵਿਸ਼ੇਸ਼ ਗੱਲ ਇਹ ਰਹੀ ਕਿ ਇਸ ਸਮਾਗਮ ਦੌਰਾਨ ਜਥੇਦਾਰ ਸਾਹਿਬ ਨੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਆਪ ਖੁਦ ਅਰਦਾਸ ਕੀਤੀ। ਅੱਜ ਦੇ ਇਸ ਸਮਾਗਮ ਵਿੱਚ ਜਿੱਥੇ ਪੰਜਾਬ ਅਤੇ ਦੇਸ਼ਾਂ ਵਿਦੇਸ਼ਾਂ ਤੋਂ ਆਈਆਂ ਸੰਗਤਾਂ ਨੇ ਭਾਰੀ ਗਿਣਤੀ ਵਿੱਚ ਭਾਗ ਲਿਆ ਉੱਥੇ ਸਿੱਖ ਜਥੇਬੰਦੀਆਂ, ਧਾਰਮਿਕ ਸੰਪਰਦਾਵਾਂ ਅਤੇ ਨਿਹੰਗ ਸਿੰਘਾਂ ਦੇ ਦਲ ਪੰਥਾਂ ਨੇ ਵੀ ਭਾਗ ਲਿਆ। ਹਰੇਕ ਚਿਹਰੇ 'ਤੇ ਗੰਭੀਰਤਾ ਤੇ ਵਿਸ਼ਵਾਸ ਸੀ, ਕਿ ਸਿੱਖ ਕੌਮ ਆਪਣੇ ਇਤਿਹਾਸਕ ਜ਼ਖਮਾਂ ਨੂੰ ਯਾਦ ਰੱਖਦੇ ਹੋਏ ਆਪਣੇ ਮਕਸਦ, ਇਨਸਾਫ਼ ਅਤੇ ਜ਼ਮੀਰ ਦੀ ਲੜਾਈ ਨੂੰ ਅੱਗੇ ਲੈ ਕੇ ਜਾਵੇਗੀ। ਜਥੇਦਾਰ ਸਾਹਿਬ ਵੱਲੋਂ ਸਮੂਹ ਸਿੱਖ ਬੰਦੀ ਸਿੰਘਾਂ ਦੀ ਰਿਹਾਈ, ਸਿੱਖ ਕੌਮ ਵਿੱਚ ਪਿਆਰ ਇਤਫ਼ਾਕ ਤੇ ਭਾਈਚਾਰਾ ਕਾਇਮ ਰੱਖਣ ਦੀ ਅਰਦਾਸ ਕੀਤੀ ਗਈ।

**ਜਥੇਦਾਰ ਕੁਲਦੀਪ ਸਿੰਘ ਜੀ ਗੜਗੱਜ ਵੱਲੋਂ ਸ਼ਹੀਦ ਭਾਈ ਜਿੰਦਾ-ਸੁੱਖਾ ਦੇ ਭਰਾਤਾ ਦਾ ਸਨਮਾਨ**

# 41ਵੇਂ ਸ਼ਹੀਦੀ ਸਮਾਗਮ ਮੌਕੇ ਖੱਬੇ ਰਾਜਪੂਤਾਂ ਦੀ ਸੰਗਤ ਨੇ ਲਾਏ ਜਲੇਬੀਆਂ ਦੇ ਲੰਗਰ



**ਚੌਂਕ ਮਹਿਤਾ, 6 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਦਮਦਮੀ ਟਕਸਾਲ ਦੇ ਕੇਂਦਰੀ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ 1984 ਤੀਸਰਾ ਘੱਲੂਘਾਰਾ ਦੇ ਸ਼ਹੀਦਾਂ ਦੀ ਯਾਦ ਵਿੱਚ ਅੱਜ 41ਵਾਂ ਸ਼ਹੀਦੀ ਜੋੜਮੇਲਾ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਗਿਆ ।ਇਸ ਦੌਰਾਨ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਲਈ ਦੇਸ਼ ਵਿਦੇਸ਼ ਤੋਂ ਪੁੱਜੀਆਂ ਸੰਗਤਾਂ ਦੇ ਸਵਾਗਤ ਅਤੇ ਛਕਣ ਲਈ ਲੰਗਰਾਂ ਛਬੀਲਾਂ ਦੇ ਵਿਸ਼ਾਲ ਪ੍ਰਬੰਧ ਕੀਤੇ ਗਏ। ਜਿਸ ਦੇ ਚਲਦਿਆਂ ਟਕਸਾਲ ਦੇ ਅੰਦਰ ਮੁੱਖ ਲੰਗਰ ਦੇ ਨੇੜੇ ਨਗਰ ਖੱਬੇ ਰਾਜਪੂਤਾਂ ਦੀ ਸਮੂਹ ਸੰਗਤ ਦੇ ਵੱਲੋਂ ਹਰ ਸਾਲ ਦੀ ਤਰਾਂ ਇਸ ਵਾਰ ਵੀ ਜਲੇਬੀਆਂ ਦਾ ਵਿਸ਼ਾਲ ਲੰਗਰ ਲਗਾਇਆ ਗਿਆ। ਇਹ ਲੰਗਰ ਸਵੇਰ ਤੋਂ ਆਰੰਭ ਹੋਇਆ ਅਤੇ ਸ਼ਾਮ ਤਕ ਨਿਰੰਤਰ ਚਲਦਾ ਰਿਹਾ। ਇਸ ਦੌਰਾਨ ਸਰਪੰਚ ਮਨਦੀਪ ਸਿੰਘ ਸੋਨਾ, ਚੇਅਰਮੈਨ ਲਖਵਿੰਦਰ ਸਿੰਘ ਖਾਲਸਾ ਅਤੇ ਪ੍ਰਧਾਨ ਜੁਗਰਾਜ ਸਿੰਘ ਜੋਗਾ ਨੇ ਆਖਿਆ ਕਿ ਜੂਨ 84 ਦੇ ਸ਼ਹੀਦਾਂ ਦੀ ਯਾਦ ਨੂੰ ਮਨਾਉਂਦਿਆਂ ਇਲਾਕੇ ਦੀਆਂ ਸੰਗਤਾਂ ਦੇ ਵੱਲੋਂ ਪੂਰਨ ਸ਼ਰਧਾ ਭਾਵਨਾ ਨਾਲ ਲੰਗਰਾਂ, ਛਬੀਲਾਂ, ਜੋੜਿਆਂ ਅਤੇ ਵਹੀਕਲ ਪਾਰਕਿੰਗ ਆਦਿ ਤੋਂ ਇਲਾਵਾ ਹੋਰ ਕਈ ਤਰ੍ਹਾਂ ਦੀਆਂ ਸੇਵਾਵਾਂ ਆਪ ਮੁਹਾਰੇ ਕੀਤੀਆਂ ਜਾਂਦੀਆਂ ਹਨ। ਉਨਾਂ ਕਿਹਾ ਕਿ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੇ ਯੋਗ ਪ੍ਰਬੰਧਾਂ ਹੇਠ ਅੱਜ 41ਵਾਂ ਸ਼ਹੀਦੀ ਜੋੜਮੇਲਾ ਪੂਰੀ ਚੜਦੀ ਕਲਾ ਨਾਲ ਮਨਾਇਆ ਗਿਆ ਹੈ, ਪਿਛਲੇ ਸਾਲਾਂ ਦੇ ਮੁਕਾਬਲੇ ਇਸ ਵਾਰ ਹੋਏ ਬੇਮਿਸਾਲ ਇਕੱਠ ਤੋਂ ਸਾਬਿਤ ਹੁੰਦਾ ਹੈ ਕਿ ਸੰਗਤ ਦੇ ਦਿਲਾਂ ਵਿਚ ਸ਼ਹੀਦਾਂ ਦਾ ਸਤਿਕਾਰ ਦਿਨੋ ਦਿਨ ਵਧ ਰਿਹਾ ਹੈ।

ਇਸ ਮੌਕੇ ਭਾਈ ਹਰਪਾਲ ਸਿੰਘ ਲੰਗਰ ਕਮੇਟੀ, ਭਾਈ ਹਰਦੀਪ ਸਿੰਘ, ਕੈਸ਼ੀਅਰ ਅੰਗਰੇਜ ਸਿੰਘ, ਮਾਸਟਰ ਸੁਖਵਿੰਦਰ ਸਿੰਘ, ਕੁਲਵਿੰਦਰ ਸਿੰਘ ਰੰਧਾਵਾ, ਗੁਰਲਾਲ ਸਿੰਘ ਲਾਲੀ, ਮਾਸਟਰ ਅਮਰਜੀਤ ਸਿੰਘ, ਬਿਕਰਮ ਸਿੰਘ ਖਾਲਸਾ, ਹਰਦੇਵ ਸਿੰਘ, ਜਰਮਨਜੀਤ ਸਿੰਘ ਬੱਲ, ਸੁਖਦੇਵ ਸਿੰਘ, ਹਜੂਰ ਸਿੰਘ ਬੱਲ, ਸੇਵਾਦਾਰ ਮੱਸਾ ਸਿੰਘ, ਡਾਕਟਰ ਸਰਦੂਲ ਸਿੰਘ, ਪ੍ਰਧਾਨ ਦੀਦਾਰ ਸਿੰਘ, ਐੱਸ ਪੀ ਰਵੇਲ ਸਿੰਘ ਤੋਂ ਇਲਾਵਾ ਹੋਰ ਵੀ ਸੰਗਤਾਂ ਹਾਜਰ ਸਨ।

## ਤੀਸਰੇ ਘੱਲੂਘਾਰੇ ਨੂੰ ਸਮਰਪਿਤ ਚੌਂਕ ਮਹਿਤਾ ਦੇ ਆੜਤੀਆ ਨੇ ਲਗਾਇਆ ਗੁਰੂ ਜੀ ਲੰਗਰ



**ਚੌਂਕ ਮਹਿਤਾ, 6 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਕੇਂਦਰੀ ਅਸਥਾਨ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਜੂਨ 1984 ਤੀਸਰਾ ਘੱਲੂਘਾਰਾ ਦੇ ਸ਼ਹੀਦਾਂ ਦੀ ਯਾਦ ਵਿੱਚ ਅੱਜ 41ਵਾਂ ਸ਼ਹੀਦੀ ਜੋੜਮੇਲਾ ਅੰਤਰਰਾਸ਼ਟਰੀ ਪੱਧਰ ਤੇ ਮਨਾਇਆ ਗਿਆ ।ਇਸ ਦੌਰਾਨ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਲਈ ਦੇਸ਼ ਵਿਦੇਸ਼ ਤੋਂ ਪੁੱਜੀਆਂ ਸੰਗਤਾਂ ਦੇ ਸਵਾਗਤ ਅਤੇ ਛਕਣ ਲਈ ਲੰਗਰਾਂ ਛਬੀਲਾਂ ਦੇ ਵਿਸ਼ਾਲ ਪ੍ਰਬੰਧ ਕੀਤੇ ਗਏ। ਜਿਸ ਦੇ ਚਲਦਿਆਂ ਚੌਂਕ ਮਹਿਤਾ ਦੇ ਆੜਤੀਆ ਨੇ ਬਹੁਤ ਪ੍ਰਕਾਰ ਦੇ ਲੰਗਰਾਂ ਦੀ ਸੇਵਾ ਕੀਤੀ ।ਜਿਸ ਵਿੱਚ ਹਜਾਰਾਂ ਸੰਗਤਾਂ ਨੇ ਬੜੇ ਪਰੇਮ ਅਤੇ ਉਤਸਾਹ ਨਾਲ ਗੁਰੂ ਜੀ ਦਾ ਲੰਗਰ ਪੰਗਤਾਂ ਵਿੱਚ ਬੈਠ ਕੇ ਛੱਕਿਆ। ਇਹ ਲੰਗਰ ਸਵੇਰ ਤੋਂ ਆਰੰਭ ਹੋਇਆ ਅਤੇ ਸ਼ਾਮ ਤਕ ਨਿਰੰਤਰ ਚਲਦਾ ਰਿਹਾ। ਇਸ ਦੌਰਾਨ ਨੇ ਚੌਂਕ ਮਹਿਤਾ ਦੇ ਆੜਤੀਆ ਆਖਿਆ ਕਿ ਜੂਨ 84 ਦੇ ਸ਼ਹੀਦਾਂ ਦੀ ਯਾਦ ਨੂੰ ਮਨਾਉਂਦਿਆਂ ਇਲਾਕੇ ਦੀਆਂ ਸੰਗਤਾਂ ਦੇ ਵੱਲੋਂ ਪੂਰਨ ਸ਼ਰਧਾ ਭਾਵਨਾ ਨਾਲ ਲੰਗਰਾਂ, ਛਬੀਲਾਂ, ਜੋੜਿਆਂ ਅਤੇ ਵਹੀਕਲ ਪਾਰਕਿੰਗ ਆਦਿ ਤੋਂ ਇਲਾਵਾ ਹੋਰ ਕਈ ਤਰ੍ਹਾਂ ਦੀਆਂ ਸੇਵਾਵਾਂ ਆਪ ਮੁਹਾਰੇ ਕੀਤੀਆਂ ਜਾਂਦੀਆਂ ਹਨ। ਉਨਾਂ ਕਿਹਾ ਕਿ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੇ ਯੋਗ ਪ੍ਰਬੰਧਾਂ ਹੇਠ ਅੱਜ 41ਵਾਂ ਸ਼ਹੀਦੀ ਜੋੜਮੇਲਾ ਪੂਰੀ ਚੜਦੀ ਕਲਾ ਨਾਲ ਮਨਾਇਆ ਗਿਆ ਹੈ, ਪਿਛਲੇ ਸਾਲਾਂ ਦੇ ਮੁਕਾਬਲੇ ਇਸ ਵਾਰ ਹੋਏ ਬੇਮਿਸਾਲ ਇਕੱਠ ਤੋਂ ਸਾਬਿਤ ਹੁੰਦਾ ਹੈ ਕਿ ਸੰਗਤ ਦੇ ਦਿਲਾਂ ਵਿਚ ਸ਼ਹੀਦਾਂ ਦਾ ਸਤਿਕਾਰ ਦਿਨੋ ਦਿਨ ਵਧ ਰਿਹਾ ਹੈ।

ਇਸ ਮੌਕੇ ਜਥੇਦਾਰ ਰਾਜਬੀਰ ਸਿੰਘ ਉਦੋ ਨੰਗਲ, ਤਜਿੰਦਰਪਾਲ ਸਿੰਘ ਸਾਡੀ,ਸਰਪੰਚ ਹਰਜਿੰਦਰ ਸਿੰਘ ਜੱਜ, ਜਤਿੰਦਰ ਸਿੰਘ ਲੱਧਾ ਮੁੰਡਾ,ਮਨਜੀਤ ਸਿੰਘ,ਅਜੀਤ ਸਿੰਘ ਪ੍ਰਧਾਨ,ਬਲਵਿੰਦਰ ਸਿੰਘ ਰਾਜੂ ਪੁਸਤਕ ਭੰਡਾਰ ਮਹਿਤਾ,ਜਗਜੀਤ ਸਿੰਘ ਪੁਸਤਕ ਭੰਡਾਰ ਮਹਿਤਾ,ਕਰਤਾਰ ਸਿੰਘ ਯੂ ਐਸ ਏ,ਬਲਜਿੰਦਰ ਸਿੰਘ ਹੈਪੀ,ਗੁਰਮੁੱਖ ਸਿੰਘ ਸਾਬਾ,ਗੁਰਵੇਲ ਸਿੰਘ ਡੇਅਰੀ ਵਾਲ, ਪਰਧਾਨ ਗੁਰਮੁੱਖ ਸਿੰਘ ਡੇਅਰੀ ਵਾਲ, ਅਮਨ ਮੁਨੀਮ, ਤੋਂ ਇਲਾਵਾ ਹੋਰ ਵੀ ਸੰਗਤਾਂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਡ ਹਰਦਿੱਤਪੁਰਾ ਅਤੇ ਬਟਰਿਆਣਾ ਵਿਖੇ ਕਰੀਬ

# 02 ਕਰੋੜ 48 ਲੱਖ ਰੁਪਏ ਦੀ ਲਾਗਤ ਨਾਲ ਪਾਈਆਂ ਜਾ ਰਹੀਆਂ ਪਾਈਪਲਾਈਨਾਂ ਦੇ ਕੰਮ ਦਾ ਲਿਆ ਜਾਇਜ਼ਾ



**ਭਵਾਨੀਗੜ੍ਹ ( ਰਣਜੀਤ ਸਿੰਘ ਪੇਧਨੀ )**-ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਪਿੰਡ ਹਰਦਿੱਤਪੁਰਾ ਅਤੇ ਬਟਰਿਆਣਾ ਵਿਖੇ ਨਹਿਰੀ ਪਾਣੀ ਦੀ ਸਪਲਾਈ ਲਈ ਕਰੀਬ 02 ਕਰੋੜ 48 ਲੱਖ ਰੁਪਏ ਦੀ ਲਾਗਤ ਨਾਲ ਪਾਈਆਂ ਜਾ ਰਹੀਆਂ ਪਾਈਪਲਾਈਨਾਂ ਦੇ ਕੰਮ ਦਾ ਜਾਇਜ਼ਾ ਲਿਆ ਅਤੇ ਕਿਹਾ ਕਿ ਪੰਜਾਬ

## ਕਿਹਾ; ਵਿਕਾਸ ਕਾਰਜਾਂ ਦੀ ਗੁਣਵੱਤਾ ਸਬੰਧੀ ਕਿਸੇ ਕਿਸਮ ਦਾ ਸਮਝੌਤਾ ਬਰਦਾਸ਼ਤ ਨਹੀਂ



ਸਰਕਾਰ ਵੱਲੋਂ ਦਿਨ ਰਾਤ ਇੱਕ ਕਰਕੇ ਵੱਡੇ ਪੱਧਰ ਉੱਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਪਰ ਵਿਕਾਸ ਕਾਰਜਾਂ ਦੀ ਗੁਣਵੱਤਾ ਸਬੰਧੀ ਕਿਸੇ ਕਿਸਮ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ। ਇਹ ਪ੍ਰੋਜੈਕਟ ਪੂਰਾ ਹੋਣ ਨਾਲ ਕਰੀਬ 380 ਹੈਕਟੇਅਰ ਰਕਬੇ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ।

ਸ਼੍ਰੀਮਤੀ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ 'ਆਪ' ਸਰਕਾਰ ਵੱਲੋਂ ਪੰਜਾਬ ਦੇ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚਾਉਣ ਲਈ ਲਗਾਤਾਰ ਕਾਰਜ ਜਾਰੀ ਹਨ। ਇਸੇ ਲੜੀ ਤਹਿਤ ਵਿਧਾਨ ਸਭਾ ਹਲਕਾ ਸੰਗਰੂਰ ਵਿੱਚ ਨਹਿਰੀ ਪਾਣੀ ਲਈ ਪਾਈਪਾਂ ਪਾਉਣ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ। ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਲਕਾ ਸੰਗਰੂਰ ਵਿੱਚ ਵੱਡੇ ਪੱਧਰ ਉੱਤੇ ਵਿਕਾਸ ਕਾਰਜ ਜਾਰੀ ਹਨ ਤੇ ਸਾਰੇ ਕੰਮ ਬਹੁਤ ਹੀ ਪਾਰਦਰਸ਼ੀ ਢੰਗ ਨਾਲ ਕਰਵਾਏ ਜਾ ਰਹੇ ਹਨ। ਉਹਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਹਲਕੇ ਵਿੱਚ ਜਿਹੜੇ ਵੀ ਵਿਕਾਸ ਕਾਰਜ ਹੋ ਰਹੇ ਹਨ, ਉਹਨਾਂ ਉੱਤੇ ਉਹ ਖੁਦ ਵੀ ਨਜ਼ਰ ਰੱਖਣ, ਜੇਕਰ ਕਿਤੇ ਕੋਈ ਕਮੀਂ ਸਾਹਮਣੇ ਆਉਂਦੀ ਹੈ ਤਾਂ ਫੌਰੀ ਉਹਨਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ।

ਸ਼੍ਰੀਮਤੀ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਪੰਜਾਬ ਦਾ ਨਹਿਰੀ ਪਾਣੀ ਹਰ ਕਿਸਾਨ ਦੇ ਖੇਤ ਤਕ ਪੁਜਦਾ ਕੀਤਾ ਜਾਵੇ। ਇਸ ਸਦਕਾ ਜਿੱਥੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ, ਉੱਥੇ ਕਿਸਾਨਾਂ ਦੇ ਪੈਸੇ ਦੀ ਬੱਚਤ ਹੋਵੇਗੀ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੋਵੇਗਾ। ਇਸ ਮੌਕੇ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਅਹੁਦੇਦਾਰ, ਪਤਵੰਤੇ ਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

### ਦਿੱਲੀ ਸਰਕਾਰ ਅਤੇ ਦਿੱਲੀ ਕਮੇਟੀ ਵਿਰੁੱਧ ਐਤਵਾਰ ਨੂੰ ਹੋਵੇਗਾ ਵੱਡਾ ਵਿਰੋਧ ਪ੍ਰਦਰਸ਼ਨ : ਸਰਨਾ/ਜੀਕੇ

# ਦਿੱਲੀ ਕਮੇਟੀ ਦੇ ਦੋ ਮੈਂਬਰਾਂ ਦੀ ਜ਼ਬਰਦਸਤੀ ਬੇਦਖਲੀ ਵਿਰੁੱਧ ਅਕਾਲੀ ਦਲ ਦਾ ਗੁੱਸਾ ਭੜਕਿਆ

**ਨਵੀਂ ਦਿੱਲੀ 6 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ 51 ਮੈਂਬਰਾਂ ਦੀ ਸਰਕਾਰੀ ਨੋਟੀਫਾਈਡ ਸੂਚੀ ਵਿੱਚ ਹਾਲ ਹੀ ਵਿੱਚ ਕੀਤੇ ਗਏ ਬਦਲਾਅ ਨੂੰ ਲੈ ਕੇ ਰਾਜਨੀਤੀ ਗਰਮਾ ਗਈ ਹੈ। ਇਸ ਮਾਮਲੇ 'ਤੇ ਜਿੱਥੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਕਾਬਜ਼ ਧਿਰ ਮੁੱਖ ਮੰਤਰੀ ਅਤੇ ਦਿੱਲੀ ਦੇ ਉਪ ਰਾਜਪਾਲ ਦਾ ਧੰਨਵਾਦ ਕਰ ਰਹੀ ਹੈ, ਉੱਥੇ ਵਿਰੋਧੀ ਧਿਰ ਨੇ ਇਸ ਮਾਮਲੇ 'ਤੇ ਦਿੱਲੀ ਸਰਕਾਰ ਵਿਰੁੱਧ ਵਿਰੋਧ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ। ਅੱਜ ਇਸ ਮਾਮਲੇ 'ਤੇ ਮੀਡੀਆ ਨੂੰ ਸੰਬੋਧਨ ਕਰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪਰਮਜੀਤ ਸਿੰਘ ਸਰਨਾ ਅਤੇ ਮਨਜੀਤ ਸਿੰਘ ਜੀਕੇ ਨੇ ਇਹਨੂੰ ਗੁਰਦੁਆਰਾ ਐਕਟ ਦੀ ਉਲੰਘਣਾ ਵਜੋਂ ਪਰਿਭਾਸ਼ਤ ਕੀਤਾ ਹੈ। ਉਕਤ ਆਗੂਆਂ ਦਾ ਮੰਨਣਾ ਹੈ ਕਿ ਦਿੱਲੀ ਸਰਕਾਰ ਦੇ ਗੁਰੂਦੁਆਰਾ ਚੋਣ ਮੰਤਰਾਲੇ ਨੇ ਦਿੱਲੀ ਗੁਰਦੁਆਰਾ ਚੋਣ ਡਾਇਰੈਕਟੋਰੇਟ ਦੀ ਦੁਰਵਰਤੋਂ ਕੀਤੀ ਹੈ ਅਤੇ ਉਪ ਰਾਜਪਾਲ ਦੀ ਮਦਦ ਨਾਲ ਗੁਰਦੁਆਰਾ ਪ੍ਰਬੰਧ ਨਾਲ ਛੇੜਛਾੜ ਕੀਤੀ ਗਈ ਹੈ। ਸਰਨਾ ਨੇ ਕਿਹਾ ਕਿ ਸਰਕਾਰ ਦੀ ਮਦਦ ਨਾਲ ਗੁਰਦੁਆਰਾ ਪ੍ਰਬੰਧ 'ਤੇ ਕਬਜ਼ਾ ਕਰਨ ਦੀ ਇਸ ਕਾਰਵਾਈ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹ ਚੋਣਾਂ ਕਰਵਾਉਣ ਤੋਂ ਡਰਦੇ ਹਨ, ਇਸ ਲਈ ਡਰਨ ਦੀ ਬਜਾਏ, ਉਨ੍ਹਾਂ ਨੂੰ ਚੋਣਾਂ ਕਰਵਾਉਣ ਦੀ ਹਿੰਮਤ ਵਿਖਾਉਣੀ ਚਾਹੀਦੀ ਹੈ। ਸਿੰਘ ਸਭਾ ਕੋਟੇ ਤੋਂ ਲਾਟਰੀ ਰਾਹੀਂ ਚੁਣੇ ਗਏ ਦੋਵੇਂ ਮੈਂਬਰ ਮਹਿੰਦਰ ਸਿੰਘ ਅਤੇ ਸੁਰਿੰਦਰ ਸਿੰਘ ਦਾਰਾ ਸਾਡੇ ਨਾਲ ਸਨ, ਇਸ ਲਈ ਉਨ੍ਹਾਂ ਨੇ ਇਨ੍ਹਾਂ ਦੀ ਮੈਂਬਰਸ਼ਿਪ ਖਤਮ ਕਰ ਦਿੱਤੀ ਹੈ ਅਤੇ ਚੋਰੀਂ ਛਿਪੇ ਆਪਣੇ ਲੋਕਾਂ ਨੂੰ ਨਵੇਂ ਮੈਂਬਰਾਂ ਵਜੋਂ ਸਹੁੰ ਚੁਕਾਈ ਗਈ ਹੈਂ। ਜਦੋਂ ਕਿ ਇਨ੍ਹਾਂ ਮੈਂਬਰਾਂ ਦੀ ਚੋਣ ਦੀ ਵੀਡੀਓ ਵਿੱਚ ਇਹ ਸਾਫ਼ ਦਿਖਾਈ ਦੇ ਰਿਹਾ ਸੀ ਕਿ ਉਸ ਸਮੇਂ ਹਰਮੀਤ ਸਿੰਘ ਕਾਲਕਾ ਇਨ੍ਹਾਂ ਵਾਧੂ ਪਰਚੀਆਂ ਨੂੰ ਕੱਢਣ ਲਈ ਤਤਕਾਲੀ ਡਾਇਰੈਕਟਰ ਨਾਲ ਸਹਿਮਤ ਸੀ। ਜਦਕਿ ਕਾਲਕਾ ਦੇ ਪ੍ਰਬੰਧ ਅਧੀਨ ਕੌਮ ਦੀ ਦੁਰਦਸ਼ਾ ਤੋਂ ਬਾਅਦ, ਇੰਨ੍ਹਾਂ ਦੇ ਆਕਾ ਨੇ ਵੀ ਹੁਣ ਚੋਣਾਂ ਲੜਨ ਅਤੇ ਲੜਵਾਉਣ ਦੀ ਹਿੰਮਤ ਵੀ ਗੁਆ ਦਿੱਤੀ ਹੈ। ਸਰਨਾ ਨੇ ਐਤਵਾਰ, 8 ਜੂਨ ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਗੁਰਦੁਆਰਾ ਰਕਾਬਗੰਜ ਸਾਹਿਬ ਤੋਂ ਸੰਸਦ ਤੱਕ ਮਾਰਚ ਕੱਢਣ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸੰਸਦ ਦੇ ਸਾਹਮਣੇ ਮਾਸਟਰ ਤਾਰਾ ਸਿੰਘ ਦੇ ਬੁੱਤ ਦੇ ਮੂਹਰੇ ਇੱਕ ਵਿਰੋਧ ਮੀਟਿੰਗ ਕੀਤੀ ਜਾਵੇਗੀ। ਸਾਡਾ ਇਹ ਵਿਰੋਧ ਦਿੱਲੀ ਸਰਕਾਰ ਅਤੇ ਦਿੱਲੀ ਕਮੇਟੀ ਦੇ ਖਿਲਾਫ ਹੋਵੇਗਾ। ਜੀ.ਕੇ. ਨੇ ਕਿਹਾ ਕਿ ਨਾਕਾਮ ਪ੍ਰਬੰਧ ਦਾ ਉਦਾਹਰਣ ਬਣ ਚੁੱਕੇ ਦਿੱਲੀ ਕਮੇਟੀ ਪ੍ਰਬੰਧਕਾਂ ਨੇ ਪਹਿਲਾਂ ਪੈਸੇ ਅਤੇ ਸ਼ਕਤੀ ਦੀ ਵਰਤੋਂ ਕਰਕੇ ਨੌਕਰੀਆਂ ਅਤੇ ਧਮਕੀਆਂ ਦੇ ਕੇ ਸਾਡੇ ਮੈਂਬਰਾਂ ਨੂੰ ਤੋੜਿਆ। ਪਰ ਹੁਣ ਇਹ ਲੋਕ ਸਰਕਾਰ ਦੀ ਤਾਕਤ ਦੀ ਵਰਤੋਂ ਕਰਕੇ ਸਾਡੇ ਸਮਰਥਿਤ ਮੈਂਬਰਾਂ ਨੂੰ ਜ਼ਬਰਦਸਤੀ ਬੇਦਖਲ ਕਰ ਰਹੇ ਹਨ। ਕਾਸ਼, ਇਹ ਸਰਕਾਰ ਦੀ ਤਾਕਤ ਦੀ ਵਰਤੋਂ ਕੌਮ ਦੀਆਂ ਜਾਇਦਾਦਾਂ ਦੀ ਨਿਲਾਮੀ ਰੁਕਵਾਉਣ ਅਤੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੀ ਵਿੱਤੀ ਦੁਰਦਸ਼ਾ ਨੂੰ ਰੋਕਣ ਜਾਂ ਬੰਦੀ ਸਿੰਘਾਂ ਨੂੰ ਰਿਹਾਅ ਕਰਵਾਉਣ ਲਈ ਕਰਦੇ। ਪਰ ਇੰਨ੍ਹਾਂ ਕੋਲ ਕੌਮ ਦੀ ਬਿਹਤਰੀ ਲਈ ਕੋਈ ਰੋਡ ਮੈਪ ਨਹੀਂ ਹੈ। ਕੌਮ ਦੇ ਸਰੋਤ ਇੰਨ੍ਹਾਂ ਦੇ ਬਾਪ ਦੀ ਜਾਗੀਰ ਨਹੀਂ ਹੈਂ, ਸਗੋਂ ਸੰਗਤਾਂ ਦੀ ਜਾਗੀਰ ਹੈਂ। ਅਕਾਲੀ ਆਗੂ ਡਾ. ਪਰਮਿੰਦਰ ਪਾਲ ਸਿੰਘ ਨੇ ਦੋਸ਼ ਲਗਾਇਆ ਕਿ ਦਿੱਲੀ ਗੁਰਦੁਆਰਾ ਚੋਣ ਡਾਇਰੈਕਟੋਰੇਟ ਪੱਖਪਾਤੀ ਰਵੱਈਆ ਅਪਣਾ ਰਿਹਾ ਹੈ। ਇੱਕ ਪਾਸੇ, ਦਿੱਲੀ ਹਾਈਕੋਰਟ ਵੱਲੋਂ ਅਦਾਲਤ ਦੀ ਉਲੰਘਣਾ ਦਾ ਦੋਸ਼ੀ ਠਹਿਰਾਏ ਜਾਣ ਦੇ ਬਾਵਜੂਦ, ਦਿੱਲੀ ਕਮੇਟੀ ਮੈਂਬਰ ਵਜੋਂ ਕਾਲਕਾ ਅਤੇ ਕਾਹਲੋਂ ਦੀ ਮੈਂਬਰਸ਼ਿਪ ਖਤਮ ਨਹੀਂ ਕੀਤੀ ਜਾ ਰਹੀ ਹੈ, ਪਰ ਦੂਜੇ ਪਾਸੇ, ਡਾਇਰੈਕਟੋਰੇਟ ਦੇ ਸਾਬਕਾ ਡਾਇਰੈਕਟਰ ਨਰਿੰਦਰ ਸਿੰਘ ਵਿਰੁੱਧ ਕਥਿਤ ਵਿਜੀਲੈਂਸ ਰਿਪੋਰਟ ਦੇ ਆਧਾਰ 'ਤੇ ਸਾਡੇ ਦੋ ਮੈਂਬਰਾਂ ਦੀ ਮੈਂਬਰਸ਼ਿਪ ਖਤਮ ਕਰ ਦਿੱਤੀ ਗਈ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਦਿੱਲੀ ਕਮੇਟੀ ਦੇ ਮੈਂਬਰ ਅਤੇ ਅਕਾਲੀ ਦਲ ਦੇ ਅਹੁਦੇਦਾਰ ਅਤੇ ਵਰਕਰ ਸਾਹਿਬਾਨ ਮੌਜੂਦ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਗੁਰੂ ਹਰਿਕ੍ਰਿਸ਼ਨ ਪੋਲੀਕਲੀਨਿਕ ਵਿਖੇ ਪੈਟ ਸਕੈਨ ਸਹੂਲਤ ਸ਼ੁਰੂ



ਨਵੀਂ ਦਿੱਲੀ, 6 ਜੂਨ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਬੰਗਲਾ ਸਾਹਿਬ ਕੰਪਲੈਕਸ ਵਿਚ ਗੁਰੂ ਹਰਿਕ੍ਰਿਸ਼ਨ ਪੋਲੀ ਕਲੀਨਿਕ ਵਿਖੇ ਅੱਜ ਪੈਟ ਸਕੈਨ ਟੈਸਟ ਦੀ ਸਹੂਲਤ ਸ਼ੁਰੂ ਕਰ ਦਿੱਤੀ ਗਈ। ਇਸ ਟੈਸਟ ਰਾਹੀਂ ਸਰੀਰ ਵਿਚ ਕੈਂਸਰ ਰੋਗ ਦਾ ਪਤਾ ਲੱਗਦਾ ਹੈ। ਕਾਰ ਸੇਵਾ ਵਾਲੇ ਬਾਬਾ ਬਚਨ ਸਿੰਘ ਜੀ ਨੇ ਇਸ ਪ੍ਰਾਜੈਕਟ ਦਾ ਉਦਘਾਟਨ ਅਰਦਾਸ ਉਪਰੰਤ ਕੀਤਾ। ਇਸ ਮੌਕੇਵਦਿੱਲੀ ਸਰਕਾਰ ਵਿੱਚ ਕੈਬਿਨੇਟ ਮੰਤਰੀ ਮਨਜਿੰਦਰ ਸਿੰਘ ਸਿਰਸਾ ਵੀ ਮੌਜੂਦ ਰਹੇ। ਇਸ ਮੌਕੇ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਜਿਥੇ ਮਾਰਕੀਟ ਵਿਚ ਪੈਟ ਸਕੈਨ ਟੈਸਟ 25 ਹਜ਼ਾਰ ਰੁਪਏ ਵਿਚ ਹੁੰਦਾ ਹੈ, ਉਥੇ ਹੀ ਗੁਰੂ ਹਰਿਕ੍ਰਿਸ਼ਨ ਪੋਲੀਕਲੀਨਿਕ ਵਿਚ ਇਹ ਟੈਸਟ ਸਿਰਫ 7 ਹਜ਼ਾਰ ਰੁਪਏ ਵਿਚ ਹੋਵੇਗਾ। ਉਹਨਾਂ ਦੱਸਿਆ ਕਿ ਇਸ ਸਹੂਲਤ ਨਾਲ ਲੋਕਾਂ ਨੂੰ ਵੱਡੀ ਸਹੂਲਤ ਮਿਲੇਗੀ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਗੁਰੂ ਹਰਿਕ੍ਰਿਸ਼ਨ ਪੋਲੀਕਲੀਨਿਕ ਵਿਚ ਸਿਰਫ 50 ਰੁਪਏ ਵਿਚ ਐਮ ਆਰ ਆਈ ਅਤੇ ਸੀ ਟੀ ਸਕੈਨ ਦੀ ਸਹੂਲਤ ਮਿਲ ਰਹੀ ਹੈ ਤੇ ਅੱਜ ਤੱਕ ਇਕ ਲੱਖ ਤੋਂ ਜ਼ਿਆਦਾ ਲੋਕਾਂ ਨੇ ਇਸ ਸਹੂਲਤ ਦਾ ਲਾਭ ਲਿਆ ਹੈ। ਉਹਨਾਂ ਦੱਸਿਆ ਕਿ ਇਸੇ ਤਰੀਕੇ ਬਾਲਾ ਸਾਹਿਬ ਹਸਪਤਾਲ ਵਿਚ ਮੁਫਤ ਡਾਇਲਿਸਿਸ ਸਹੂਲਤ ਦਾ ਵੀ ਸੰਗਤਾਂ ਲਾਭ ਲੈ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਜਿਥੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧ ਚਲਾਉਣ ਦੀ ਆਪਣੀ ਮੁੱਢਲੀ ਜ਼ਿੰਮੇਵਾਰੀ ਨਿਭਾ ਰਹੀ ਹੈ, ਉਥੇ ਹੀ ਸਿੱਖਿਆ ਤੇ ਸਿਹਤ ਦੇ ਖੇਤਰ ਵਿਚ ਵੀ ਵੱਡੀਆਂ ਸੇਵਾਵਾਂ ਦੇ ਰਹੀ ਹੈ। ਉਹਨਾਂ ਕਿਹਾ ਕਿ ਜਿਥੇ ਸਿੱਖਿਆ ਦੇ ਖੇਤਰ ਵਿਚ ਸਕੂਲ, ਕਾਲਜ ਤੇ ਯੂਨੀਵਰਸਿਟੀਆਂ ਚਲਾਈਆਂ ਜਾ ਰਹੀਆਂ ਹਨ, ਉਥੇ ਹੀ ਸਿਹਤ ਦੇ ਖੇਤਰ ਵਿਚ ਗੁਰੂ ਹਰਿਕ੍ਰਿਸ਼ਨ ਪੋਲੀਕਲੀਨਿਕ ਤੇ ਬਾਲਾ ਸਾਹਿਬ ਹਸਪਤਾਲ ਵਿਚ ਸਿਹਤ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਇਹ ਸਾਰੀਆਂ ਸੇਵਾਵਾਂ ਸੰਗਤਾਂ ਦੇ ਵੱਡਮੁੱਲੇ ਸਹਿਯੋਗ ਨਾਲ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਜਿਸ ਵਾਸਤੇ ਉਹ ਹਮੇਸ਼ਾ ਸੰਗਤਾਂ ਦੇ ਧੰਨਵਾਦੀ ਹਨ। ਇਸ ਮੌਕੇ 'ਤੇ ਪੈਟ ਸਕੈਨ ਮਸ਼ੀਨ ਦੇਣ ਵਾਲੇ ਟੀ ਸੀਰੀਜ਼ ਪਰਿਵਾਰ ਤੋਂ ਸ੍ਰੀਮਤੀ ਸੁਦੇਸ਼ ਅਤੇ ਕੁਮਾਰੀ ਤੁਲਸੀ ਉਚੇਚੇ ਤੌਰ 'ਤੇ ਹਾਜ਼ਰ ਸਨ। ਕਮੇਟੀ ਵੱਲੋਂ ਇਹਨਾਂ ਨੂੰ ਅਤੇ ਬਾਬਾ ਬਚਨ ਸਿੰਘ ਨੂੰ ਸਨਮਾਨਤ ਕੀਤਾ ਗਿਆ।

# ਦਿੱਲੀ ਕਮੇਟੀ ਨਾਲ ਪ੍ਰਧਾਨਗੀ ਰਹਿੰਦੇ ਸਮੇਂ ਵਪਾਰ ਕਰਨ ਦੇ ਮਾਮਲੇ ਦੀ ਜਾਂਚ ਸ਼ੁਰੂ, ਜਲਦੀ ਜਾਵੇਗੀ ਮੈਂਬਰੀ: ਕਾਲਕਾ/ ਕਾਹਲੋਂ




**ਨਵੀਂ ਦਿੱਲੀ, 6 ਜੂਨ (ਮਨਪ੍ਰੀਤ ਸਿੰਘ ਖਾਲਸਾ)**: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਦਿੱਲੀ ਕਮੇਟੀ ਦੀ ਮੌਜੂਦਾ ਟੀਮ ਦੇ ਸ਼ਲਾਘਾਯੋਗ ਕੰਮ ਨੂੰ ਵੇਖਦੇ ਹੋਏ ਮੈਂਬਰਾਂ ਵੱਲੋਂ ਪਰਮਜੀਤ ਸਿੰਘ ਸਰਨਾ ਤੇ ਮਨਜੀਤ ਸਿੰਘ ਜੀ.ਕੇ. ਦੀ ਪਾਰਟੀ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿਚ ਸ਼ਾਮਲ ਹੋਣ ਨਾਲ ਦੋਵੇਂ ਸਰਨਾ ਭਰਾ ਤੇ ਜੀ.ਕੇ. ਬੁਰੀ ਤਰ੍ਹਾਂ ਬੌਖਲਾ ਗਏ ਹਨ। ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ. ਦੇ ਬਹੁ ਗਿਣਤੀ ਸਮਰਥਕ ਮੈਂਬਰਾਂ ਨੇ ਜਦੋਂ ਵੇਖ ਲਿਆ ਕਿ ਇਹ ਲੋਕ ਝੂਠੀ ਤੇ ਗੁੰਮਰਾਹਕੁੰਨ ਰਾਜਨੀਤੀ ਕਰਦੇ ਹਨ ਤਾਂ ਮੈਂਬਰਾਂ ਨੇ ਖੁਦ ਹੀ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੀ ਲੀਡਰਸ਼ਿਪ ਕੋਲ ਪਹੁੰਚ ਕਰ ਕੇ ਪਾਰਟੀ ਵਿਚ ਸ਼ਾਮਲ ਹੋਣਾ ਸ਼ੁਰੂ ਕਰ ਦਿੱਤਾ। ਉਹਨਾਂ ਕਿਹਾ ਕਿ ਬਹੁ ਗਿਣਤੀ ਮੈਂਬਰ ਤਾਂ ਪਾਰਟੀ ਵਿਚ ਸ਼ਾਮਲ ਹੋ ਗਏ ਹਨ ਤੇ ਜਿਹੜੇ ਰਹਿੰਦੇ ਹਨ, ਉਹ ਵੀ ਪਾਰਟੀ ਵਿਚ ਸ਼ਾਮਲ ਹੋਣ ਲਈ ਉਤਾਵਲੇ ਹਨ ਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਸੰਪਰਕ ਵਿਚ ਹਨ। ਉਹਨਾਂ ਕਿਹਾ ਕਿ ਆਪਣੀ ਸਿਆਸੀ ਜ਼ਮੀਨ ਜਾਂਦੀ ਵੇਖ ਕੇ ਦੋਵੇਂ ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ. ਬੌਖਲਾ ਗਏ ਹਨ ਤੇ ਬੇਮਤਲਬ ਦੇ ਪੁੱਠੇ ਸਿੱਧੇ ਬਿਆਨ ਜਾਰੀ ਕਰ ਰਹੇ ਹਨ। ਉਹਨਾਂ ਕਿਹਾ ਕਿ ਇਹ ਤਿੰਨੋਂ ਦਿੱਲੀ ਦੀ ਸਿੱਖ ਸਿਆਸਤ ਦੇ ਪਹਿਲੇ ਅਜਿਹੇ ਲੋਕ ਹਨ ਜਿਹਨਾਂ ਨੇ ਦਿੱਲੀ ਗੁਰਦੁਆਰਾ ਐਕਟ ਦੀ ਉਲੰਘਣਾ ਕਰ ਕੇ ਆਪਣੇ ਪਰਿਵਾਰਕ ਮੈਂਬਰਾਂ ਦੇ ਨਾਂ 'ਤੇ ਕਮੇਟੀ ਨਾਲ ਵਪਾਰ ਕੀਤਾ ਜੋ ਸਾਰਾ ਰਿਕਾਰਡ ਦਾ ਹਿੱਸਾ ਹੈ ਤੇ ਇਸ ਮਾਮਲੇ ਦੀ ਜਾਂਚ ਸ਼ੁਰੂ ਹੋ ਚੁੱਕੀ ਹੈ। ਇਸ ਗੱਲ ਦੇ ਨਾਲ-ਨਾਲ ਇਹਨਾਂ ਨੂੰ ਇਹ ਵੀ ਡਰ ਸਤਾ ਰਿਹਾ ਹੈ ਕਿ ਜਦੋਂ ਸਾਰੀ ਸੱਚਾਈ ਸਾਹਮਣੇ ਆਈ ਤਾਂ ਇਹਨਾਂ ਦੀ ਮੈਂਬਰੀ ਚਲੀ ਜਾਵੇਗੀ। ਅਜਿਹੇ ਵਿਚ ਇਹਨਾਂ ਨੇ ਅਵਾ ਤਵਾ ਬਿਆਨਬਾਜ਼ੀ ਸ਼ੁਰੂ ਕਰ ਦਿੱਤੀ ਹੈ ਤੇ ਇਹਨਾਂ ਨੂੰ ਖੁਦ ਨੂੰ ਸਮਝ ਨਹੀਂ ਆਉਂਦਾ ਕਿ ਅਸੀਂ ਕੀ ਬਿਆਨ ਦੇ ਰਹੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ

# ਜੂਨ 1984 ਦੇ ਸ਼ਹੀਦਾਂ ਦੀ ਯਾਦ ਵਿਚ ਸ਼ਹੀਦੀ ਸਮਾਗਮ ਆਯੋਜਤ



ਨਵੀਂ ਦਿੱਲੀ, 6 ਜੂਨ (ਮਨਪ੍ਰੀਤ ਸਿੰਘ ਖਾਲਸਾ):- ਜੂਨ 1984 'ਚ ਭਾਰਤ ਦੀ ਤਤਕਾਲੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਕੀਤੇ ਗਏ ਫ਼ੌਜੀ ਹਮਲੇ ਦੌਰਾਨ ਸ਼ਹੀਦ ਹੋਏ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਬਾਬਾ ਠਾਰਾ ਸਿੰਘ ਤੇ ਜਨਰਲ ਸ਼ੁਬੇਗ ਸਿੰਘ ਸਮੇਤ ਹੋਰ ਸ਼ਹੀਦਾਂ ਦੀ ਯਾਦ 'ਚ ਸ਼੍ਰੋਮਣੀ ਕਮੇਟੀ ਵੱਲੋਂ ਸਾਲਾਨਾ ਸ਼ਹੀਦੀ ਸਮਾਗਮ ਕਰਵਾਇਆ ਗਿਆ।

## ਘੱਲੂਘਾਰੇ ਦੇ ਸ਼ਹੀਦਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਿਰੋਪਾਓ ਨਾਲ ਦਿੱਤਾ ਸਨਮਾਨ

ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਏ ਇਸ ਸਮਾਗਮ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖ਼ਾਲਸਾ, ਬੁੱਢਾ ਦਲ ਦੇ ਮੁਖੀ ਬਾਬਾ ਬਲਬੀਰ ਸਿੰਘ 96ਵੇਂ ਕਰੋੜੀ, ਬਾਬਾ ਨਿਹਾਲ ਸਿੰਘ ਤਰਨਾ ਦਲ ਹਰੀਆਂ ਵੇਲਾਂ, ਦਲ ਬਾਬਾ ਬਿਧੀ ਚੰਦ ਸੰਪ੍ਰਦਾ ਦੇ ਮੁਖੀ ਬਾਬਾ ਅਵਤਾਰ ਸਿੰਘ ਸੁਰਸਿੰਘ, ਬਾਬਾ ਜੋਗਾ ਸਿੰਘ ਤਰਨਾ ਦਲ ਬਾਬਾ ਬਕਾਲਾ, ਸਾਬਕਾ ਜਥੇਦਾਰ ਭਾਈ ਜਸਬੀਰ ਸਿੰਘ ਖਾਲਸਾ ਸਮੇਤ ਕਈ ਪੰਥਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਕੀਤੀ ਗਈ। ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਰਘਬੀਰ ਸਿੰਘ ਨੇ ਸਰਵਣ ਕਰਵਾਇਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਦੇ ਸਪੁੱਤਰ ਭਾਈ ਈਸ਼ਰ ਸਿੰਘ, ਸ਼ਹੀਦ ਭਾਈ ਅਮਰੀਕ ਸਿੰਘ ਦੀ ਸਪੁੱਤਰੀ ਬੀਬੀ ਸਤਵੰਤ ਕੌਰ, ਭਰਾ ਭਾਈ ਮਨਜੀਤ ਸਿੰਘ ਭੂਰਾਕੋਹਨਾ, ਸ਼ਹੀਦ ਭਾਈ ਨਛੱਤਰ ਸਿੰਘ ਭਲਵਾਨ ਦੇ ਸਪੁੱਤਰ ਭਾਈ ਭੁਪਿੰਦਰ ਸਿੰਘ ਭਲਵਾਨ, ਜਰਨਲ ਸ਼ੁਬੇਗ ਸਿੰਘ ਦੇ ਭਰਾ ਸ. ਬੇਅੰਤ ਸਿੰਘ ਸਮੇਤ ਸ਼ਹੀਦਾਂ ਦੇ ਕਈ ਪਰਿਵਾਰਕ ਮੈਂਬਰਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਸਮਾਗਮ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਐਡੀਸ਼ਨਲ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ, ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਸਾਬਕਾ ਪ੍ਰਧਾਨ ਸ. ਅਲਵਿੰਦਰ ਸਿੰਘ ਪੱਖੋਕੇ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਭਾਈ ਰਜਿੰਦਰ ਸਿੰਘ ਮਹਿਤਾ, ਭਾਈ ਗੁਰਚਰਨ ਸਿੰਘ ਗਰੇਵਾਲ, ਭਾਈ ਅਮਰਜੀਤ ਸਿੰਘ ਚਾਵਲਾ, ਭਾਈ ਮਨਜੀਤ ਸਿੰਘ ਭੂਰਾਕੋਹਨਾ, ਸ. ਸੁਰਜੀਤ ਸਿੰਘ ਭਿੱਟੇਵੱਡ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਗੁਰਬਚਨ ਸਿੰਘ ਕਰਮੂੰਵਾਲਾ, ਸ. ਮੰਗਵਿੰਦਰ ਸਿੰਘ ਖਾਪੜਖੇੜੀ, ਜਥੇਦਾਰ ਕੌਰ ਸਿੰਘ, ਸ. ਗੁਰਮੀਤ ਸਿੰਘ ਬੂਹ, ਸ. ਭੁਪਿੰਦਰ ਸਿੰਘ ਭਲਵਾਨ, ਬਾਬਾ ਬੂਟਾ ਸਿੰਘ, ਭਾਈ ਅਜਾਇਬ ਸਿੰਘ ਅਭਿਆਸੀ, ਸ. ਅਵਤਾਰ ਸਿੰਘ ਵਣਵਾਲਾ, ਸ. ਬਲਦੇਵ ਸਿੰਘ ਚੂੰਘਾਂ, ਸ. ਸਿਮਰਨਜੀਤ ਸਿੰਘ ਮਾਨ, ਸ. ਕੰਵਰਚੜ੍ਹਤ ਸਿੰਘ, ਸ. ਈਮਾਨ ਸਿੰਘ ਮਾਨ, ਸ. ਕਰਨੈਲ ਸਿੰਘ ਪੀਰਮੁਹੰਮਦ, ਸ. ਕੰਵਰਪਾਲ ਸਿੰਘ, ਭਾਈ ਜਸਬੀਰ ਸਿੰਘ ਘੁੰਮਣ, ਸ. ਅਮਰਬੀਰ ਸਿੰਘ ਢੋਟ, ਡਾ. ਅਮਰਜੀਤ ਸਿੰਘ, ਭਾਈ ਤਰਸੇਮ ਸਿੰਘ ਮੋਰਾਂਵਾਲੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਸ. ਸੁਖਮਿੰਦਰ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਜਨਰਲ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਸ. ਗੁਰਦਿਆਲ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਪ੍ਰੋ. ਸੁਖਦੇਵ ਸਿੰਘ, ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸ. ਮਨਜੀਤ ਸਿੰਘ, ਸੁਪਰਡੰਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ ਆਦਿ ਮੌਜੂਦ ਸਨ।

ਆਪ੍ਰੇਸ਼ਨ ਬਲੂ ਸਟਾਰ ਨਾਲ ਸਬੰਧਤ ਸਰਕਾਰੀ ਦਸਤਾਵੇਜ਼ਾਂ ਦਾ ਖੁਲਾਸਾ ਕਰੇ ਕੇਂਦਰ ਸਰਕਾਰ : ਗੰਭੀਰ

# ਈਸਟ ਇੰਡੀਆ ਫੈਡਰੇਸ਼ਨ ਨੇ ਆਪ੍ਰੇਸ਼ਨ ਬਲੂ ਸਟਾਰ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ

**ਨਵੀਂ ਦਿੱਲੀ 6 ਜੂਨ (ਮਨਪ੍ਰੀਤ ਸਿੰਘ ਖਾਲਸਾ)**:- ਆਲ ਇੰਡੀਆ ਈਸਟ ਇੰਡੀਆ ਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਅਤੇ ਪੰਜਾਬੀ ਕਲੋਨੀ (ਜਮਸ਼ੇਦਪੁਰ) ਦੀ ਸੰਗਤ ਨੇ ਜੂਨ 1984 ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ 'ਤੇ ਹੋਏ ਫੌਜੀ ਹਮਲੇ ਦੌਰਾਨ ਸ਼ਹੀਦ ਹੋਏ ਸਿੱਖਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸਾਹਿਬ ਵਿਖੇ ਆਪ੍ਰੇਸ਼ਨ ਬਲੂ ਸਟਾਰ ਵਿੱਚ ਸ਼ਹੀਦ ਹੋਏ ਸਿੱਖਾਂ ਦੀ ਯਾਦ ਵਿੱਚ ਅਖੰਡ ਪਾਠ ਦੀ ਸਮਾਪਤੀ ਤੋਂ ਬਾਅਦ ਅਰਦਾਸ ਕੀਤੀ ਗਈ। ਇਸ ਦੌਰਾਨ ਈਸਟ ਇੰਡੀਆ ਫੈਡਰੇਸ਼ਨ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਸਿੱਖ ਭਾਈਚਾਰਾ ਜੂਨ 1984 ਵਿੱਚ ਜ਼ਾਲਮ ਕੇਂਦਰੀ ਸਰਕਾਰ ਵੱਲੋਂ ਕੀਤੇ ਗਏ ਹਮਲੇ ਨੂੰ ਕਦੇ ਨਹੀਂ ਭੁੱਲ ਸਕਦਾ। ਉਨ੍ਹਾਂ ਕਿਹਾ ਕਿ ਇਸ ਹਮਲੇ ਵਿੱਚ ਦਮਦਮੀ ਟਕਸਾਲ ਦੇ ਮੁੱਖੀ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਭਾਈ ਅਮਰੀਕ ਸਿੰਘ, ਜਨਰਲ ਸੁਬੇਗ ਸਿੰਘ ਜੋ ਕਿ ਗੁਰਧਾਮਾਂ ਦੀ ਪਵਿੱਤਰਤਾ ਦੀ ਰਾਖੀ ਕਰਦਿਆਂ ਹਜ਼ਾਰਾਂ ਦੀ ਫੌਜ ਨਾਲ ਅਖੀਰਲੇ ਸੁਆਸਾਂ ਤਕ ਜੂਝਦੇ ਰਹੇ ਸਨ, ਸਮੇਤ ਹਜ਼ਾਰਾਂ ਨਿਰਦੋਸ਼ ਸਿੱਖ ਸ਼ਹੀਦ ਹੋਏ ਸਨ, ਜਿਨ੍ਹਾਂ ਨੂੰ ਸਿੱਖ ਭਾਈਚਾਰਾ ਹਮੇਸ਼ਾ ਯਾਦ ਰੱਖਦਾ ਹੈ ਤੇ ਇਹ ਕਹਿਰ ਕਦੇ ਨਹੀਂ ਭੁੱਲ ਸਕਦਾ ਹੈ। ਸਤਨਾਮ ਸਿੰਘ ਗੰਭੀਰ, ਮਨਦੀਪ ਸਿੰਘ ਸ਼ੈਂਕੀ, ਰੌਣਕ ਸਿੰਘ, ਸਚਦੇਵ, ਵਿਵੇਕ ਸਿੰਘ ਨੇ ਕਿਹਾ ਕਿ ਜਿਸ ਤਰ੍ਹਾਂ ਬ੍ਰਿਟਿਸ਼ ਸਰਕਾਰ ਨੇ 1984 ਦੇ ਫੌਜੀ ਹਮਲੇ ਨਾਲ ਸਬੰਧਤ ਦਸਤਾਵੇਜ਼ ਜਾਰੀ ਕੀਤੇ ਹਨ, ਉਸੇ ਤਰ੍ਹਾਂ ਕੇਂਦਰ ਸਰਕਾਰ ਨੂੰ ਜੂਨ 1984 ਵਿੱਚ ਸਰਕਾਰ ਦੇ ਹੁਕਮਾਂ 'ਤੇ ਭਾਰਤੀ ਫੌਜ ਵੱਲੋਂ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਗਏ ਹਮਲੇ ਦੇ ਅਧਿਕਾਰਤ ਦਸਤਾਵੇਜ਼ ਜਾਰੀ ਕਰਨੇ ਚਾਹੀਦੇ ਹਨ। ਇਸ ਦੌਰਾਨ ਜਸਪਾਲ ਸਿੰਘ ਛਾਬੜਾ ਨੇ ਕੀਰਤਨ ਗਾਇਆ ਅਤੇ ਵਿਵੇਕ ਸਿੰਘ ਨੇ ਕਥਾ ਸੁਣਾਈ ਅਤੇ ਸੰਗਤ ਨੂੰ ਆਪ੍ਰੇਸ਼ਨ ਬਲੂ ਸਟਾਰ ਦੀ ਘਟਨਾ ਤੋਂ ਜਾਣੂ ਕਰਵਾਇਆ। ਇਸ ਦੌਰਾਨ ਹਰਜੀਤ ਸਿੰਘ, ਮਨਜੀਤ ਸਿੰਘ, ਨਮਨਜੋਤ ਸਿੰਘ, ਅਮਰਜੀਤ ਸਿੰਘ, ਹੈਪੀ ਸਿੰਘ, ਪ੍ਰਦੀਪ ਸਿੰਘ ਮੌਜੂਦ ਸਨ।




# ਦਿੱਲੀ ਕਮੇਟੀ ਪ੍ਰਧਾਨ/ ਸਕੱਤਰ ਸਰਕਾਰੀ ਸਰਪ੍ਰਸਤੀ ਹੇਠ ਧੱਕੇਸ਼ਾਹੀ ਨਾਲ ਬਹੁਗਿਣਤੀ ਮੈਂਬਰ ਹੋਣ ਦਾ ਕਰ ਰਹੇ ਹਨ ਦਿਖਾਵਾ : ਸਰਨਾ/ ਜੀਕੇ



ਨਵੀਂ ਦਿੱਲੀ 6 ਜੂਨ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਅਤੇ ਦਿੱਲੀ ਕਮੇਟੀ ਦੇ ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀ.ਕੇ ਨੇ ਪ੍ਰੈਸ ਕਾਨਫਰੰਸ ਵਿਚ ਕਿਹਾ ਕਿ ਜੋ ਫੈਸਲਾ ਸਰਕਾਰੀ ਦਬਾਅ ਨਾਲ ਗੁਰਦੁਆਰਾ ਚੋਣ ਕਮਿਸ਼ਨ ਵਲੋਂ ਲਾਟਰੀ ਦੁਆਰਾ ਚੁਣੇ ਗਏ ਮੈਂਬਰਾਂ ਬਾਰੇ ਕੀਤਾ ਹੈ । ਇਹ ਉਸ ਸਮੇਂ ਨੂੰ ਯਾਦ ਕਰਵਾਉਣ ਵਾਲਾ ਹੈ ਜਦੋਂ ਇਸੇ ਤਰ੍ਹਾਂ ਪੁਲਿਸ ਤੇ ਪ੍ਰਸ਼ਾਸਨ ਦੀ ਮੱਦਦ ਨਾਲ ਵਿਰੋਧੀ ਧਿਰ ਨੂੰ ਬਾਹਰ ਕੱਢਕੇ ਸਰਕਾਰੀ ਸਰਪ੍ਰਸਤੀ ਨਾਲ ਕਾਲਕਾ , ਕਾਹਲੋਂ ਜੋੜੀ ਦਿੱਲੀ ਕਮੇਟੀ ਤੇ ਧੱਕੇ ਨਾਲ ਕਾਬਜ਼ ਹੋਈ ਸੀ । ਉਸੇ ਗੀਤ ਨੂੰ ਮੁੜ ਦੁਹਰਾਉਂਦੇ ਹੋਏ ਇਹਨਾਂ ਵੱਲੋਂ ਜਿਸ ਤਰ੍ਹਾਂ ਨਾਟਕੀ ਤੇ ਸਾਜ਼ਸ਼ੀ ਢੰਗ ਨਾਲ ਸਿੰਘ ਸਭਾਵਾਂ ਵਿੱਚੋਂ ਲਾਟਰੀ ਨਾਲ ਚੁਣੇ ਗਏ ਮੈਂਬਰਾਂ ਦੀ ਮੈਂਬਰੀ ਰੱਦ ਕਰਕੇ ਆਪਣੇ ਖਾਸ ਬੰਦਿਆਂ ਨੂੰ ਮੈਂਬਰ ਬਣਾਇਆ ਗਿਆ ਹੈ । ਉਸਨੇ ਇਹ ਸਾਬਤ ਕਰ ਦਿੱਤਾ ਹੈ ਕਿ ਦਿੱਲੀ ਕਮੇਟੀ ਦੀ ਜਨਰਲ ਚੋਣ ਤੋਂ ਪਹਿਲਾਂ ਹੀ ਕਾਲਕਾ , ਕਾਹਲੋਂ ਜੋੜੀ ਆਪਣੀ ਨੈਤਿਕ ਹਾਰ ਕਬੂਲ ਚੁੱਕੀ ਹੈ । ਇਸ ਲਈ ਉਹ ਹੁਣ ਸਰਕਾਰੀ ਸਰਪ੍ਰਸਤੀ ਨਾਲ ਇਸ ਤਰ੍ਹਾਂ ਧੱਕੇਸ਼ਾਹੀ ਕਰਕੇ ਆਪਣੇ ਕੋਲ ਬਹੁਗਿਣਤੀ ਮੈਂਬਰ ਹੋਣ ਦਾ ਦਿਖਾਵਾ ਕਰ ਰਹੀ ਹੈ । ਪਰ ਉਹਨਾਂ ਨੂੰ ਇਹ ਗੱਲ ਚੇਤੇ ਰੱਖਣੀ ਚਾਹੀਦੀ ਹੈ ਕਿ ਦਿੱਲੀ ਦੀ ਸੰਗਤ ਉਹਨਾਂ ਨਾਲ ਨਹੀ । ਇਹਨਾਂ ਦੀ ਮਕਾਰੀ ਇੱਥੋਂ ਸਾਫ ਜ਼ਾਹਰ ਹੁੰਦੀ ਹੈ ਕਿ ਜਦੋਂ ਮਲਕੀਤ ਸਿੰਘ ਤੇ ਕਸ਼ਮੀਰ ਸਿੰਘ ਨੇ ਰਿੱਟ ਦਾਖ਼ਲ ਕੀਤੀ ਤਾਂ ਡਾਇਰੈਕਟੋਰੇਟ ਨੇ ਚੋਣ ਅਧਿਕਾਰੀ ਰਾਹੀਂ ਹਾਈ ਕੋਰਟ ਵਿੱਚ ਇੱਕ ਪਟੀਸ਼ਨ ਦਾਇਰ ਕਰਕੇ ਰਿੱਟ ਦਾ ਵਿਰੋਧ ਕੀਤਾ ਸੀ । ਪਰ ਹੁਣ ਸਰਕਾਰੀ ਦਬਾਅ ਕਾਰਨ ਅਦਾਲਤ ਦੇ ਬਾਹਰ ਹੀ ਫੈਸਲਾ ਸੁਣਾ ਦਿੱਤਾ ਗਿਆ ਹੈ । ਕੀ ਇਹਨਾਂ ਨੂੰ ਅਦਾਲਤੀ ਨਿਆਂ ਤੇ ਭਰੋਸਾ ਨਹੀਂ ਸੀ । ਜੇਕਰ ਇਹ ਸੁੱਚੇ ਸਨ ਤਾਂ ਅਦਾਲਤ ਵਿੱਚੋਂ ਕਿਉਂ ਭੱਜੇ ਇਸ ਗੱਲ ਦਾ ਜਵਾਬ ਇਹਨਾਂ ਨੂੰ ਦੇਣਾ ਚਾਹੀਦਾ ਹੈ । ਇਸ ਮਾਮਲੇ ਵਿੱਚ ਅਦਾਲਤ ਨੇ ਅਰਜ਼ੀਆਂ ਵਿੱਚ ਦਿੱਤੇ ਗਏ ਬਿਆਨਾਂ 'ਤੇ ਕੋਈ ਰਾਏ ਨਹੀਂ ਪ੍ਰਗਟ ਕੀਤੀ ਸੀ ਤੇ ਇਹ ਨਵਾਂ ਘਟਨਾਕ੍ਰਮ ਸਪੱਸ਼ਟ ਤੌਰ 'ਤੇ ਰਾਜਨੀਤਿਕ ਪ੍ਰੇਰਣਾ ਅਧੀਨ ਹੈ ਅਤੇ ਇਹ ਕਾਨੂੰਨੀ ਸ਼ਕਤੀਆਂ ਦੀ ਨਿਰਪੱਖ ਵਰਤੋਂ ਨਹੀਂ ਹੈ। 1971 ਦੇ ਨਿਯਮਾਂ ਦੇ ਐਕਟ ਦੇ ਤਹਿਤ, ਰਜਿਸਟਰਾਰ ਸੁਸਾਇਟੀਆਂ ਕੋਲ ਸਬੰਧਤ ਸੁਸਾਇਟੀਆਂ ਦੁਆਰਾ ਰਿਕਾਰਡਾਂ ਦੇ ਅਪਡੇਟ ਦੀ ਅਣਹੋਂਦ ਵਿੱਚ, ਸੂਚੀ ਵਿੱਚ ਇੱਕ ਨਵਾਂ ਨਾਮ ਸ਼ਾਮਲ ਕਰਨ ਦੀ ਆਗਿਆ ਦੇਣ ਦੀ ਕੋਈ ਸ਼ਕਤੀ ਨਹੀਂ ਹੈ। ਅਸੀਂ ਇਸ ਦੇ ਵਿਰੁੱਧ ਢੁਕਵੀਂ ਕਾਨੂੰਨੀ ਕਾਰਵਾਈ ਕਰਾਂਗੇ। ਇਹਨਾਂ ਹੀ ਨਹੀਂ ਇਸਤੋਂ ਇਲਾਵਾ ਲਾਟਰੀ ਦੁਆਰਾ ਚੁਣੇ ਗਏ ਮੈਂਬਰਾਂ ਨੂੰ ਬਰਖਾਸਤ ਕਰਨ ਤੋਂ ਪਹਿਲਾਂ ਕੋਈ ਕਾਰਨ ਦੱਸੋ ਨੋਟਿਸ ਨਹੀਂ ਮਿਲਿਆ ਅਤੇ ਨਾ ਹੀ ਸਰਕਾਰ ਕੋਲ ਇਹਨਾਂ ਮੈਂਬਰਾਂ ਨੂੰ ਹਟਾਉਣ ਅਤੇ ਕਿਸੇ ਹੋਰ ਨੂੰ ਨਾਮਜ਼ਦ ਕਰਨ ਦੀ ਕੋਈ ਸ਼ਕਤੀ ਹੈ, ਖਾਸ ਕਰਕੇ ਜਦੋਂ ਅਦਾਲਤ ਵਿੱਚ ਇਸ ਸੰਬੰਧੀ ਇੱਕ ਰਿੱਟ ਪਟੀਸ਼ਨ ਦਾਇਰ ਕੀਤੀ ਗਈ ਸੀ ਅਤੇ ਵਾਪਸ ਲੈ ਲਈ ਗਈ ਸੀ। ਇਸ ਮੌਕੇ ਸ. ਜਤਿੰਦਰ ਸਿੰਘ ਸਾਹਨੀ, ਸ. ਕਰਤਾਰ ਸਿੰਘ ਚਾਵਲਾ, ਸ. ਗੁਰਮਿੰਦਰ ਸਿੰਘ ਮਠਾੜੂ, ਸ. ਕੁਲਦੀਪ ਸਿੰਘ ਭੋਗਲ, ਸ. ਤਜਿੰਦਰ ਸਿੰਘ ਗੋਪਾ, ਸ. ਰਮਨਦੀਪ ਸਿੰਘ ਸੋਨੂੰ , ਸ. ਗੁਰਪ੍ਰੀਤ ਸਿੰਘ ਰਿੰਟਾ, ਸ. ਗੁਰਮੀਤ ਸਿੰਘ ਫਿਲਪੀਨਜ਼, ਸ. ਮਹਿੰਦਰ ਸਿੰਘ, ਸ. ਸੁਰਿੰਦਰ ਸਿੰਘ ਦਾਰਾ , ਸ. ਜਸਮੀਤ ਸਿੰਘ ਪੀਤਮਪੁਰਾ, ਸ. ਮਨਿੰਦਰ ਸਿੰਘ ਸੂਦਨ, ਸ. ਅਵਨੀਤ ਸਿੰਘ ਰਾਇਸਨ ਆਦਿ ਵੀ ਹਾਜ਼ਰ ਸਨ ।

# ਛੇ ਜੂਨ ਨੂੰ ਸਿਰੀ ਆਕਾਲ ਤਖਤ ਸਾਹਿਬ ਜੀ ਤੇ ਸ਼ਹੀਦਾਂ ਦੇ ਪਰਥਾਏ ਭੋਗ ਦੀ ਅਰਦਾਸ ਦੋਰਾਨ ਵਿਤਕਰਾ—ਬੰਡਾਲਾ



ਫ਼ਿਰੋਜ਼ਪੁਰ, 6 ਜੂਨ (ਮਨੋਹਰ ਲਾਲ) :— ਦਮਦਮੀ ਟਕਸਾਲ ਦੇ ਬੁਲਾਰੇ ਗੁਰਨਾਮ ਸਿੰਘ ਬੰਡਾਲਾ ਨੇ ਜਥੇਦਾਰ ਕੁਲਦੀਪ ਸਿੰਘ ਗੜਗਜ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਤੋਂ ਪੁਛਿਆ ਸੰਗਤ ਨੂੰ ਸਪੱਸ਼ਟ ਕਰੋ ਲੂਬੜ ਚਾਲਾਂ ਛੱਡ ਕੇ ਦਸੋ ਜਦੋਂ ਘਲੂਘਾਰਾ ਦਿਵਸ ਤੇ ਸ਼ਹੀਦ ਸਿੰਘਾਂ ਦੇ ਭੋਗ ਦੀ ਅਰਦਾਸ ਕੀਤੀ ਗਈ ਹੈ ਉਸ ਵਕਤ ਕੁਲਦੀਪ ਸਿੰਘ ਗੜਗਜ ਨੇ ਕੇਵਲ ਰਾਜੋਆਣਾ ਦਾ ਨਾਂ ਵਿਸ਼ੇਸ਼ ਕਰਕੇ ਕਿਉ ਲਿਆ। ਜਥੇਦਾਰ ਗੁਰਨਾਮ ਬਿੰਘ ਬੰਡਾਲਾ ਨੇ ਕਿਹਾ ਕਿ ਜਥੇਦਾਰ ਜਗਤਾਰ ਸਿੰਘ ਹਵਾਰੇ ਸਮੇਤ ਬੰਦੀ ਸਿੰਘਾਂ ਦੇ ਨਾਂ ਭੋਗ ਦੀ ਅਰਦਾਸ ਵਿਚ ਕੁਲਦੀਪ ਸਿੰਘ ਗੜਗਜ ਨੇ ਕਿਉ ਨਹੀਂ ਬੋਲੇ, ਪਾਵਨ ਗੁਰੂ ਗਰੰਥ ਸਾਹਿਬ ਜੀ ਦੀ ਹਜੂਰੀ ਵਿਚ ਅਰਦਾਸ ਏਕਤਾ ਦੀ ਕਰਦੇ ਹੋ ਮਨ ਵਿਚ ਈਰਖਾ ਹੈ, ਬਾਕੀ ਬੰਦੀ ਸਿੰਘਾਂ ਦੇ ਨਾਵਾਂ ਪ੍ਰਤੀ ਨਾ ਬੋਲਣਾ ਸਾਰੀ ਸੰਗਤ ਨੂੰ ਇਹ ਰਾਜਨੀਤਕ ਚਾਲ ਮਹਿਸੂਸ ਹੋਈ, ਵਿਸੇਸ਼ ਕਰਕੇ ਬਲਵੰਤ ਸਿੰਘ ਰਾਜੋਆਣਾ ਦਾ ਨਾਂ ਲਿਆ ਗਿਆ ਕੀ ਇਹ ਬੰਦੀ ਸਿੰਘਾਂ ਨਾਲ ਵਿਤਕਰਾ ਨਹੀ ਕੀ ਇਹ ਅਰਦਾਸ ਏਕਤਾ ਦੀ ਸੀ, ਸ਼੍ਰੋਮਣੀ ਕਮੇਟੀ ਨੇ ਇਨ੍ਹਾਂ ਲੂੰਬੜ ਚਾਲਾਂ ਕਰਕੇ ਅਕਾਲੀ ਦਲ ਮਿਟੀ ਵਿੱਚ ਮਲਾਇਆ। ਜਥੇਦਾਰ ਬੰਡਾਲਾ ਨੇ ਕਿਹਾ ਕਿ ਰਾਜੋਆਣਾ ਸੁਖਬੀਰ ਬਾਦਲ ਦਾ ਹਮਾਇਤੀ ਹੈ, ਸੁਖਬੀਰ ਉਸ ਨੂੰ ਮਨ ਚਾਹਿਆ ਪੈਸਾ ਤੇ ਸਹੂਲਤਾਂ ਸ਼੍ਰੋਮਣੀ ਕਮੇਟੀ ਤੋਂ ਦਿਵਾ ਰਿਹਾ ਹੈ ਕੀ ਬਾਕੀ ਸਿੰਘਾਂ ਦੀ ਕੁਰਬਾਨੀ ਘੱਟ ਹੈ ਫਰਕ ਇਹ ਹੈ ਉਹ ਬਾਦਲ ਪਰਿਵਾਰ ਦੇ ਰਖੇਲ ਨਹੀਂ ਬਣਦੇ, ਗੁਰੂ ਦੇ ਪੰਥ ਦੇ ਹਮਾਇਤੀ ਹਨ, ਰਾਜੋਆਣਾ ਸਿਰਸੇ ਵਾਲੇ ਨੇ ਜੋ ਬਰਗਾੜੀ ਪਾਵਨ ਸਰੂਪ ਦੀ ਬੇਅਦਬੀ ਕੀਤੀ ਬਾਦਲ ਪਰਿਵਾਰ ਨੇ ਸਰਸੇ ਵਾਲੇ ਨੂੰ ਬਚਾਇਆ, ਉਸ ਬਾਰੇ ਆਪਣੀ ਨੀਅਤ ਕੌਮ ਸਾਹਮਣੇ ਸ਼ਪਸ਼ਟ ਕਰੇ। ਜਥੇਦਾਰ ਬੰਡਾਲਾ ਨੇ ਕਿਹਾ ਕਿ 78 ਦੌਰਾਨ ਨਿਰੰਕਾਰੀ ਕਾਂਡ ਵਿਚ 13 ਸਿੰਘ ਸ਼ਹੀਦ ਹੋਏ ਉਸ ਵਕਤ ਬਾਦਲ ਸਰਕਾਰ ਸੀ ਨਕਲੀ ਨਿਰੰਕਾਰੀ ਨੂੰ ਬਾਦਲ ਦਾ ਮੰਤਰੀ ਉਮਰਾ ਨੰਗਲ ਦਿੱਲੀ ਛੱਡ ਕੇ ਆਇਆ, ਕੇਸ ਅੰਬਾਲੇ ਤਬਦੀਲ ਕਰਾਕੇ ਬਰੀ ਕਰਵਾਇਆ, ਬੇਅਦਬੀ ਦੌਰਾਨ ਵੀਹ ਸਿੰਘ ਸੁਖਬੀਰ ਬਾਦਲ ਦੇ ਹੁਕਮ ਨਾਲ ਸ਼ਹੀਦ ਹੋਏ ਜਾਲਮ ਅਫਸਰ ਪੁਲਸ ਵਿਚ ਸੈਣੀ ਆਲਮ ਵਰਗੇ ਲਾਏ ਕੀ ਰਾਜੋਆਣਾ ਕੌਮ ਨਾਲ ਹੋਇਆ ਇਹ ਜੁਲਮ ਪ੍ਰਵਾਨ ਕਰਦਾ ਹੈ ਆਪਣੀ ਕੌਮ ਸਾਹਮਣੇ ਨੀਅਤ ਸਪੱਸ਼ਟ ਕਰੇ ਕੀ ਕੁਲਦੀਪ ਸਿੰਘ ਗੜਗਜ ਨੂੰ ਕੌਮ ਤੇ ਹੋਇਆ ਇਹ ਜੁਲਮ ਦਿਸਦਾ ਨਹੀਂ ਸ਼੍ਰੋਮਣੀ ਕਮੇਟੀ ਦਾ ਇਕੋ ਟਾਰਗਟ ਹੈ ਬਾਦਲ ਪਰਿਵਾਰ ਬਾਕੀ ਪੰਥ ਦੀ ਰਤਾ ਚਿੰਤਾ ਨਹੀਂ ਜੇ ਅਰਦਾਸ ਵਿਚ ਵਿਤਕਰਾ ਹੈ ਫਿਰ ਅਰਦਾਸ ਵਿਚ ਊਚੀ—ਊਚੀ ਏਕਤਾ ਲਈ ਦਹਾਈਆਂ ਪਾਉਣ ਦਾ ਕੀ ਫਾਇਦਾ ਹੈ ਕੌਮ ਬਹੁਤ ਅੱਗੇ ਲੰਘ ਚੁਕੀ ਹੈ ਕੁਲਦੀਪ ਸਿੰਘ ਜੀ ਤੁਹਾਡੀ ਨੀਅਤ ਨੂੰ ਚੰਗੀ ਤਰ੍ਹਾਂ ਸਮਝਦੀ ਹੈ ਅਰਦਾਸ ਸਾਫ ਹਿਰਦੇ ਨਾਲ ਕੀਤੀ ਜਾਵੇ ਜਰੂਰ ਪਰਵਾਨ ਹੁੰਦੀ ਹੈ। ਆਹ ਪੰਗਤੀਆ ਜਰੂਰ ਲਾਉਣੀ ਸ਼੍ਰੋਮਣੀ ਕਮੇਟੀ ਨੇ ਪਹਿਲਾ ਜਥੇਦਾਰਾਂ ਦੀ ਨਿਯੁਕਤੀ ਦੀ ਮਰਿਯਾਦਾ ਖਤਮ ਕੀਤੀ ਉਥੇ ਹਨ ਹੁਣ ਜਥੇਦਾਰ ਵਲੋਂ ਕੌਮ ਨੂੰ ਵਿਸ਼ੇਸ਼ ਕਰ ਜੋ ਸਦੇਸ਼ ਦਿੱਤਾ ਜਾਂਦਾ ਹੈ ਉਸ ਦੀ ਮਰਿਯਾਦਾ ਵੀ ਧਾਮੀ ਸਾਹਿਬ ਨੇ ਖਤਮ ਕਰ ਦਿੱਤੀ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਯੂਕੇ ਸੰਸਦ 'ਚ ਮੁੜ ਗੂੰਜਿਆ ਸਾਕਾ ਨੀਲਾ ਤਾਰਾ

# ਬ੍ਰਿਟਿਸ਼ ਸਿੱਖ ਐਮ.ਪੀਜ਼ ਵਲੋਂ ਨਿਆਂ ਲਈ ਆਪਣੀ ਸਰਕਾਰ ਅੱਗੇ ਰੱਖੀ ਵੱਡੀ ਮੰਗ



**ਲੰਡਨ, 6 ਜੂਨ (ਸਰਬਜੀਤ ਸਿੰਘ ਬਨੂੜ)** - ਬਰਤਾਨੀਆ ਦੀ ਸੰਸਦ ਵਿੱਚ ਜੂਨ 1984 ਸ੍ਰੀ ਹਰਿਮੰਦਰ ਸਾਹਿਬ, ਸਿੱਖਾਂ ਦੀ ਆਤਮਕ ਰੂਹ ਗੋਲੀਆਂ ਅਤੇ ਟੈਂਕਾਂ ਹੇਠਾਂ ਸੀ। ਭਾਰਤੀ ਰਾਜ ਨੇ "ਓਪਰੇਸ਼ਨ ਬਲੂਸਟਾਰ" ਦੇ ਨਾਂ 'ਤੇ ਆਪਣੇ ਦੇਸ਼ ਦੇ ਲੋਕਾਂ ਉੱਤੇ ਜੰਗ ਛੇੜੀ, ਜਿਸ ਵਿੱਚ ਹਜ਼ਾਰਾਂ ਨਿਹੱਥੇ ਯਾਤਰੀ, ਬੱਚੇ, ਬਜ਼ੁਰਗ, ਅਤੇ ਔਰਤਾਂ ਸ਼ਹੀਦ ਹੋਏ। ਇਹ ਸਿਰਫ਼ ਇੱਕ ਧਾਰਮਿਕ ਥਾਂ ਉੱਤੇ ਹਮਲਾ ਨਹੀਂ ਸੀ ਇਹ ਸਿੱਖ ਅਸਥਿਤਵ ਉੱਤੇ ਚੋਟ ਸੀ।



ਚਾਲੀ ਸਾਲ ਬਾਅਦ, ਇਹ ਜ਼ਖ਼ਮ ਅਜੇ ਵੀ ਹਰੇ ਹਨ

ਤੇ ਵਿਦੇਸ਼ਾਂ ਵਿੱਚ ਸਾਕਾ ਨੀਲਾ ਤਾਰਾ ਬਾਰੇ ਮੁੜ ਚਰਚਾ ਸ਼ੁਰੂ ਹੋਈ ਹੈ। ਬ੍ਰਿਟਿਸ਼ ਸਿੱਖ ਲੇਬਰ ਪਾਰਟੀ ਦੇ ਕਈ ਸੰਸਦ ਮੈਂਬਰਾਂ ਨੇ ਨਾਂ ਸਿਰਫ ਇਹ ਮਾਮਲਾ ਆਪਣੀ ਸਰਕਾਰ ਅੱਗੇ ਉਠਾਇਆ, ਸਗੋਂ ਇੱਕ ਜੱਜ ਦੀ ਅਗਵਾਈ ਹੇਠ ਸੁਤੰਤਰ ਜਾਂਚ ਦੀ ਮੰਗ ਵੀ ਕੀਤੀ, ਤਾਂ ਜੋ ਸੱਚ ਸਾਹਮਣੇ ਆ ਸਕੇ ਅਤੇ ਇਤਿਹਾਸਕ ਅਨਿਆਂ ਨਾਲ ਨਿਆਂ ਕੀਤਾ ਜਾ ਸਕੇ।

ਸਲੋਹ ਤੋਂ ਲੇਬਰ ਐਮ.ਪੀ. ਤਨਮਨਜੀਤ ਸਿੰਘ ਢੇਸੀ ਨੇ ਸੰਸਦ ਵਿਚ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਸਿੱਖ ਭਾਈਚਾਰੇ ਨੂੰ ਸਦੀ ਦਾ ਸਭ ਤੋਂ ਵੱਡਾ ਘਾਣ 1984 ਵਿੱਚ ਪਹੁੰਚਾਇਆ ਗਿਆ ਪਰ ਅੱਜ ਤੱਕ ਉਸ ਘਾਣ ਦੀ ਸਹੀ ਜਾਂਚ ਨਹੀਂ ਹੋਈ। ਥੈਚਰ ਸਰਕਾਰ ਦੇ ਭੂਮਿਕਾ ਦੀ ਪੂਰੀ ਜਾਂਚ ਹੋਣੀ ਚਾਹੀਦੀ ਹੈ। ਇਸੇ ਤਰਾਂ ਬਰਤਾਨੀਆ ਦੇ ਸਿੱਖ ਸੰਸਦ ਮੈਂਬਰਾਂ ਵਰਿੰਦਰ ਜੱਸ (ਵੋਲਵਰਹੈਂਪਟਨ ਵੈਸਟ), ਜਸ ਅਟਵਾਲ, ਪ੍ਰੀਤ ਕੌਰ ਗਿੱਲ (ਬਰਮਿੰਘਮ ਐਡਗਬਾਸਟਨ), ਗੁਰਿੰਦਰ ਸਿੰਘ ਜੋਸਨ (ਸਮੇਥਵਿਕ), ਹਰਪ੍ਰੀਤ ਉੱਪਲ (ਹੱਡਰਜ਼ਫੀਲਡ), ਬੈਗੀ ਸ਼ੈਂਕਰ (ਡਰਬੀ ਸਾਊਥ), ਕਿਰਿਥ ਐਂਟਵਿਸਲ (ਬੋਲਟਨ ਨੌਰਥ ਈਸਟ), ਸੋਨੀਆ ਕੁਮਾਰ (ਡੱਡਲੀ), ਜੀਵਨ ਸੰਧੇਰ (ਲਾਫਬਰੋ), ਸਤਵੀਰ ਕੌਰ (ਸਾਊਥਹੈਂਪਟਨ ਟੈਸਟ) ਨੇ ਸੰਸਦ ਵਿੱਚ ਸਾਫ਼ ਅੰਦਾਜ਼ ਵਿੱਚ ਮੰਗ ਕੀਤੀ ਕਿ ਯੂ ਕੇ ਦੀ ਲੇਬਰ ਸਰਕਾਰ ਜੁਲਾਈ 2025 ਤੋਂ ਪਹਿਲਾਂ ਜਨਤਕ ਜਾਂਚ ਦੀ ਘੋਸ਼ਣਾ ਕਰੇ।

ਸਿੱਖ ਫੈਡਰੇਸ਼ਨ ਯੂਕੇ ਵੱਲੋਂ ਵੀ ਲੇਬਰ ਪਾਰਟੀ ਨੂੰ ਸਖਤ ਸੰਦੇਸ਼ ਦਿੱਤਾ ਗਿਆ ਹੈ ਕਿ ਜੇਕਰ ਜਾਂਚ ਦੀ ਘੋਸ਼ਣਾ ਨਹੀਂ ਹੁੰਦੀ, ਤਾਂ 1 ਅਗਸਤ ਤੋਂ ਬਾਅਦ ਕਿਸੇ ਵੀ ਲੇਬਰ ਐਮ.ਪੀ. ਨੂੰ ਗੁਰਦੁਆਰਿਆਂ ਜਾਂ ਸਿੱਖ ਸਮਾਗਮਾਂ ਵਿੱਚ ਬੋਲਣ ਦੀ ਆਗਿਆ ਨਹੀਂ ਦਿੱਤੀ ਜਾਵੇਗੀ।

ਦੱਸਣਯੋਗ ਹੈ ਕਿ ਲੇਬਰ ਦੇ ਲਾਲੀ ਪੋਪ ਕਾਰਨ ਸਿੱਖ ਭਾਈਚਾਰੇ 'ਚ ਰੁਝਾਨ ਬਦਲ ਰਿਹਾ ਹੈ ਚਿੰਤਾ ਦੀ ਗੱਲ ਇਹ ਹੈ ਕਿ ਲੇਬਰ ਦੀ ਚੁੱਪੀ ਕਾਰਨ ਕਈ ਸਿੱਖ ਵੋਟਰ "ਰੀਫਾਰਮ ਯੂਕੇ" ਜਾਂ ਹੋਰ ਵਿਕਲਪਾਂ ਵੱਲ ਵੱਧ ਰਹੇ ਹਨ। ਇਹ ਮਾਮਲਾ ਨਾ ਸਿਰਫ਼ ਇਤਿਹਾਸਕ ਹੈ, ਸਗੋਂ ਭਵਿੱਖ ਦੀ ਰਾਜਨੀਤਕ ਦਿਸ਼ਾ ਲਈ ਵੀ ਮੁਹੱਤਵਪੂਰਨ ਬਣ ਗਿਆ ਹੈ।

### ਜੱਜ ਦੀ ਅਗਵਾਈ ਹੇਠ ਸੁਤੰਤਰ ਜਾਂਚ ਹੋਵੇ

ਸਾਕਾ ਨੀਲਾ ਤਾਰਾ ਸਿਰਫ਼ ਬੀਤੇ ਦੀ ਘਟਨਾ ਨਹੀਂ, ਸਗੋਂ ਇੱਕ ਰੂਹਾਨੀ ਦਰਦ ਹੈ ਜੋ ਅੱਜ ਵੀ ਸਿੱਖ ਭਾਈਚਾਰੇ ਦੇ ਮਨ ਵਿੱਚ ਜਿਊਂਦਾ ਹੈ ਜੇਕਰ ਯੂਕੇ ਦੀ ਸੰਸਦ ਸੱਚਮੁੱਚ ਨਿਆਂ ਤੇ ਪਾਰਦਰਸ਼ਤਾ ਵਿੱਚ ਵਿਸ਼ਵਾਸ ਕਰਦੀ ਹੈ, ਤਾਂ ਇਹ ਉਸ ਦੀ ਵੱਡੀ ਜ਼ਿੰਮੇਵਾਰੀ ਹੈ ਕਿ ਇਹ ਜਾਂਚ ਕਰੇ। ਕੀ ਬ੍ਰਿਟੇਨ ਇਨਸਾਫ਼ ਲਈ ਸੱਚ ਦਾ ਸਾਹਮਣਾ ਕਰੇਗਾ ?

ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਵੱਲੋਂ

# ਚਲਾਏ ਜਾ ਰਹੇ ਵਿਕਾਸ ਕ੍ਰਿਸ਼ੀ ਸੰਕਲਪ ਅਭਿਆਨ ਨੇ ਮੱਧ ਪੜਾਅ ਸਫਲਤਾ ਪੂਰਵਕ ਤੈਅ ਕੀਤਾ

ਫ਼ਿਰੋਜ਼ਪੁਰ, 6 ਜੂਨ (ਮਨੋਹਰ ਲਾਲ) :— ਦੇਸ਼ ਭਰ ਵਿੱਚ ਖੇਤੀਬਾੜੀ ਦੇ ਕਿੱਤੇ ਨੂੰ ਸ਼ਸ਼ਕਤ ਕਰਨ ਦੇ ਉਦੇਸ਼ ਨਾਲ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਚੌਹਾਨ ਦੇ ਦਿਸ਼ਾ—ਨਿਰਦੇਸ਼ਾਂ ਹੇਠ ਚਲਾਈ ਜਾ ਰਹੀ ਦੇਸ਼ ਵਿਆਪੀ ਪਹਿਲ, ਵਿਕਾਸ ਕ੍ਰਿਸ਼ੀ ਸੰਕਲਪ ਅਭਿਆਨ—2025, ਅੱਜ ਪੰਜਾਬ ਦੇ ਫਿਰੋਜ਼ਪੁਰ ਜ਼ਿਲ੍ਹੇ ਵਿੱਚ 8ਵੇਂ ਦਿਨ ਵਿੱਚ ਦਾਖਿਲ ਹੋਈ। ਪਿਛਲੇ ਹਫ਼ਤੇ 29 ਮਈ ਤੋਂ 5 ਜੂਨ ਤੱਕ ਲਗਭਗ 50 ਪਿੰਡਾਂ ਤੋਂ ਜਿਆਦਾ ਦੇ ਕਿਸਾਨਾਂ ਨੇ ਇਸ ਵਿਆਪਕ ਜਾਗਰੂਕਤਾ ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ ਅਤੇ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਵਿਗਿਆਨੀਆਂ ਅਤੇ ਹੋਰ ਵਿਭਾਗਾਂ ਦੇ ਨੁਮਾਇੰਦਿਆਂ ਨਾਲ ਵਿਚਾਰ—ਵਟਾਂਦਰੇ ਸਾਂਝੇ ਕਰਕੇ ਲਾਭ ਉਠਾਇਆ। ਇਸੇ ਲੜੀ ਅਧੀਨ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਫਿਰੋਜ਼ਪੁਰ ਦੁਆਰਾ ਖੇਤੀਬਾੜੀ ਅਤੇ ਹੋਰ ਵਿਭਾਗਾਂ ਦੇ ਸਹਿਯੋਗ ਨਾਲ ਮਿਤੀ 6.06.2025 ਨੂੰ ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡਾਂ ਖੋਸਾ ਦਲ ਸਿੰਘ, ਤਲਵੰਡੀ ਨੇਪਾਲਾ, ਪੱਧਰੀ, ਨਿਜ਼ਾਮਦੀਨ ਵਾਲਾ ਅਤੇ ਹੋਰ ਨੇੜਲੇ ਪਿੰਡਾਂ ਵਿੱਚ ਪ੍ਰੋਗਰਾਮ ਆਯੋਜਿਤ ਕੀਤੇ ਗਏ। ਉਨ੍ਹਾਂ ਦੱਸਿਆ ਕਿ ਵਿਗਿਆਨੀਆਂ ਨੇ ਕਿਸਾਨਾਂ ਨੂੰ ਨਵੀਆਂ ਤਕਨੀਕਾਂ ਰਾਹੀਂ ਖੇਤੀਬਾੜੀ ਨੂੰ ਆਧੁਨਿਕ ਬਣਾਉਣ, ਕੁਦਰਤੀ ਖੇਤੀ ਅਤੇ ਖੇਤੀ ਸਕੀਮਾਂ ਬਾਰੇ ਜਾਗਰੂਕ ਕੀਤਾ। ਇਨ੍ਹਾਂ ਸਮਾਗਮਾਂ ਦੀ ਅਗਵਾਈ ਡਾ: ਗੁਰਮੇਲ ਸਿੰਘ, ਡਿਪਟੀ ਡਾਇਰੈਕਟਰ (ਸਿਖਲਾਈ), ਕੇ.ਵੀ.ਕੇ ਫਿਰੋਜ਼ਪੁਰ ਨੇ ਕੀਤੀ ਅਤੇ ਗਠਤ ਟੀਮਾਂ ਵਿੱਚ ਕੇ.ਵੀ.ਕੇ ਦੇ ਵਿਗਿਆਨੀ ਡਾ: ਭੱਲਣ ਸਿੰਘ ਸੇਖੋਂ, ਡਾ: ਸਿਮਰਨਜੀਤ ਕੌਰ ਅਤੇ ਡਾ: ਹਰਪ੍ਰੀਤ ਕੌਰ ਦੇ ਨਾਲ—ਨਾਲ ਤਕਨੀਕੀ ਸਟਾਫ਼ ਜਸਬੀਰ ਸਿੰਘ ਅਤੇ ਦੀਪਕ ਕੁਮਾਰ ਵੀ ਸ਼ਾਮਿਲ ਹੋਏ।



ਇਹ ਪ੍ਰੋਗਰਾਮ ਪੀ.ਏ.ਯੂ ਲੁਧਿਆਣਾ ਦੇ ਨਿਰਦੇਸ਼ਕ ਪਸਾਰ ਸਿੱਖਿਆ ਦੀ ਅਗਵਾਈ ਹੇਠ ਅਤੇ ਕੇਂਦਰ ਅਤੇ ਪੰਜਾਬ ਸਰਕਾਰ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ, ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ (ਆਈ.ਸੀ.ਏ.ਆਰ) ਨਵੀਂ ਦਿੱਲੀ ਦੇ ਦਿਸ਼ਾ—ਨਿਰਦੇਸ਼ਾਂ ਅਨੁਸਾਰ ਆਯੋਜਿਤ ਕੀਤੇ ਜਾ ਰਹੇ ਹਨ। ਇਸ ਦੌਰਾਨ ਕਿਸਾਨਾਂ ਨੂੰ ਉਤਪਾਦਕਤਾ ਵਧਾਉਣ, ਆਮਦਨ ਵਿੱਚ ਵਾਧਾ ਕਰਨ ਅਤੇ ਆਧੁਨਿਕ ਖੇਤੀਬਾੜੀ ਤਕਨੀਕਾਂ ਅਤੇ ਵੱਖ—ਵੱਖ ਸਰਕਾਰੀ ਯੋਜਨਾਵਾਂ ਦੇ ਲਾਭਾਂ ਅਤੇ ਮੰਤਵ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਪਹਿਲਕਦਮੀ ਦੌਰਾਨ ਵਿਗਿਆਨੀਆਂ ਨੇ ਕਿਸਾਨਾਂ ਨਾਲ ਜ਼ਮੀਨੀ ਪੱਧਰ ਦੀ ਗੱਲਬਾਤ ਕਰਕੇ ਫੀਡਬੈਕ ਲਈ ਅਤੇ ਕਿਸਾਨਾਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਵੀ ਜਾਣੂ ਕਰਵਾਇਆ। ਇਸ ਪ੍ਰੋਗਰਾਮ ਦੀ ਸਫਲਤਾ ਕਿਸਾਨਾਂ ਨੂੰ ਸਸ਼ਕਤ ਬਣਾਉਣ ਅਤੇ ਜ਼ਿਲ੍ਹੇ ਵਿੱਚ ਖੇਤੀਬਾੜੀ ਦੇ ਕਿੱਤੇ ਅਤੇ ਕਿਸਾਨ ਭਰਾਵਾਂ ਨੂੰ ਅੱਗੇ ਵਧਾਉਣ ਦੀ ਵਚਨਬੱਧਤਾ ਨੂੰ ਉਜਾਗਰ ਕਰਦੀ ਹੈ। ਉਨ੍ਹਾਂ ਦੱਸਿਆ ਕਿ 7 ਜੂਨ ਨੂੰ ਪਿੰਡ ਝੋਕ ਹਰੀਹਰ, ਤੂਤ, ਰੁਕਣਾ ਬੇਗੂ ਅਤੇ ਕਾਸੂ ਬੇਗੂ ਤੋਂ ਇਲਾਵਾ ਨਾਲ ਲੱਗਦੇ ਪਿੰਡਾਂ ਵਿਚ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਹਨ।

# ਫੈਡਰੇਸ਼ਨ ਮਹਿਤਾ ਵਰਕਰਾਂ ਨੇ ਘੱਲੂਘਾਰਾ ਦੇ ਸਬੰਧ ਵਿਚ ਕੀਤੀ ਅਰਦਾਸ

## ਇੰਦਰਾ ਗਾਂਧੀ ਦੇ ਮੱਥੇ ਤੇ ਲੱਗਾ ਕਲੰਕ ਕਦੇ ਸਾਫ ਨਹੀਂ ਹੋਵੇਗਾ—ਭਾਈ ਜ਼ਸਪਾਲ ਸਿੰਘ



ਫ਼ਿਰੋਜ਼ਪੁਰ, 6 ਜੂਨ (ਮਨੋਹਰ ਲਾਲ) :— 1984 ਦੇ ਇਕ ਜੂਨ ਤੋਂ ਲੈ ਕੇ 6 ਜੂਨ ਤੱਕ ਸਮੁੱਚੀ ਮਨੁੱਖਤਾ ਦੇ ਕੇਂਦਰ ਸੱਚ ਖੰਡ ਸ੍ਰੀ ਹਰਮਿੰਦਰ ਸਾਹਿਬ ਤੇ ਸਮੇਂ ਦੀ ਹਕੂਮਤ ਕਾਂਗਰਸ ਸਰਕਾਰ ਵੱਲੋਂ ਕੀਤੇ ਫੌਜੀ ਹਮਲੇ ਜਿਸ ਵਿਚ ਕਈ ਨਿਰਦੋਸ਼ ਸਿੰਘ, ਸਿੰਘਣੀਆਂ ਅਤੇ ਬੱਚੇ ਸ਼ਹੀਦ ਹੋ ਗਏ ਸਨ, ਨੂੰ ਯਾਦ ਕਰਦਿਆਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਫ਼ਿਰੋਜ਼ਪੁਰ ਦੇ ਮਖੂ ਗੇਟ ਸਥਿਤ ਗੁਰਦੁਆਰਾ ਭਾਈ ਹਾਕਮ ਸਿੰਘ ਵਿਖੇ ਇਲਾਕੇ ਦੀਆਂ ਸੰਗਤਾਂ ਅਤੇ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਵਰਕਰਾਂ ਨੇ ਘੱਲੂ ਘਾਰਾ ਦੇ ਸਬੰਧ ਵਿਚ ਇਕ ਅਰਦਾਸ ਸਮਾਗਮ ਕੀਤਾ, ਜਿਸ ਵਿਚ ਜੂਨ 1984 ਦੇ ਸਮੁੱਚੇ ਸਿੰਘ ਸਿੰਘਣੀਆਂ, ਨੌਜਵਾਨ ਅਤੇ ਬੱਚੇ ਸ਼ਹੀਦ ਹੋ ਗਏ ਸਨ, ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਉਨ੍ਹਾਂ ਦੀ ਚੜ੍ਹਦੀ ਕਲਾਂ ਦੀ ਅਰਦਾਸ ਕੀਤੀ ਗਈ ਅਤੇ ਉਨ੍ਹਾਂ ਵੱਲੋਂ ਪਾਏ ਪੂਰਨਿਆਂ ਤੇ ਚੱਲਣ ਦੀ ਸੰਗਤਾਂ ਨੂੰ ਪ੍ਰੇਰਣਾ ਕੀਤੀ। ਸਮੇਂ ਦੀ ਜਾਲਮ ਹਕੂਮਤ ਕਾਂਗਰਸ ਵਰਕਰ ਤੇ ਵਰ੍ਹਦਿਆਂ ਕੋਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ ਅਤੇ ਡਾ: ਗੁਰਮੀਤ ਸਿੰਘ ਨੇ ਕਿਹਾ ਕਿ ਇਹ ਜ਼ੋ ਇੰਦਰਾ ਗਾਂਧੀ ਦੇ ਮੱਥੇ ਤੇ ਕਲੰਕ ਲੱਗ ਚੁੱਕਾ ਹੈ, ਇਹ ਕਦੇ ਵੀ ਸਾਫ ਨਹੀਂ ਹੋਵੇ ਅਤੇ ਸਮੁੱਚੀ ਮਨੁੱਖਤਾ ਕਾਂਗਰਸ ਸਰਕਾਰ ਨੂੰ ਹਮੇਸ਼ਾ ਲਾਹਨਤਾ ਪਾਉਂਦੀ ਰਹੇਗੀ। ਅਰਦਾਸ ਸਮਾਗਮ ਉਪਰੰਤ ਚਾਹ ਦਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਪ੍ਰਧਾਨ ਬਾਬਾ ਮੁਖਤਿਆਰ ਸਿੰਘ, ਪਰਗਟ ਸਿੰਘ, ਹਰਜਿੰਦਰ ਸਿੰਘ ਬੱਗਾ, ਸੁਰਜੀਤ ਸਿੰਘ, ਜ਼ਸਵੰਤ ਸਿੰਘ ਜੱਸ, ਕਿਰਨਦੀਪ ਸਿੰਘ ਪੱਲ੍ਹਾ, ਮਿਹਰ ਸਿੰਘ ਜ਼ੋਸਨ, ਕਿੱਕਰ ਸਿੰਘ ਸੰਧੂ, ਸੁਖਬੀਰ ਸਿੰਘ ਸੰਧੂ, ਨਿਰਮਲ ਸਿੰਘ ਦੁਲਚੀ ਕੇ, ਅਨੂਪ ਸਿੰਘ, ਦਲਜੀਤ ਸਿੰਘ ਸਾਬਕਾ ਕੌਂਸਲਰ, ਕੁਲਦੀਪ ਸਿੰਘ ਨੰਢਾ ਸਮੇਤ ਹੋਰ ਵੀ ਕਈ ਵਰਕਰ ਹਾਜ਼ਰ ਸਨ।

# ਪੈਨਸ਼ਨਰਾਂ ਦੀਆਂ ਲੰਬਿਤ ਪਈਆਂ ਹੱਕੀ ਮੰਗਾਂ ਦਾ ਜਲਦ ਹੋਵੇ ਹੱਲ—ਓਮ ਪ੍ਰਕਾਸ਼



ਫ਼ਿਰੋਜ਼ਪੁਰ, 6 ਜੂਨ (ਮਨੋਹਰ ਲਾਲ) :— ਪੰਜਾਬ ਪੈਨਸ਼ਨਰਜ਼ ਯੂਨੀਅਨ ਦੀ ਮਹੀਨਾਵਰ ਮੀਟਿੰਗ ਕਾਮਰੇਡ ਜਰਨੈਲ ਸਿੰਘ ਭਵਨ ਵਿਖੇ ਪ੍ਰਧਾਨ ਬਲਵੰਤ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਸ਼ੁਰੂ ਕਰਨ ਤੋਂ ਹਿਲਾਂ ਅਸ਼ੋਕ ਅਰੋੜਾ ਰਿਟਾਇਰਡ ਬੈਂਕ ਮੈਨੇਜਰ ਪੀ.ਐਨ.ਬੀ ਦੇ ਭਰਾ ਦੇ ਸਵਰਗਵਾਸ ਹੋ ਜਾਣ ਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ, ਜਿਸ ਉਪਰੰਤ ਮੀਟਿੰਗ ਦੌਰਾਨ ਵੱਖ—ਵੱਖ ਮਹਿਕਮਿਆਂ ਦੇ ਪੈਨਸ਼ਨਰ ਹਾਜ਼ਰ ਹੋਏ। ਮੀਟਿੰਗ ਵਿਚ ਬੋਲਦਿਆਂ ਪੈਨਸ਼ਨ ਆਗੂ ਬਲਬੀਰ ਸਿੰਘ ਸੰਧੂ, ਮਲਕੀਤ ਚੰਦ ਪਾਸੀ, ਕੁਲਦੀਪ ਸਿੰਘ ਖੁੰਘਰ, ਮਨਜੀਤ ਸਿੰਘ, ਸੰਤ ਰਾਮ, ਹਰਨਾਮ ਸਿੰਘ ਲੈਕਚਰਾਰ, ਮੇਜਰ ਸਿੰਘ ਲੈਕਚਰਾਰ ਨੇ ਕਿਹਾ ਕਿ ਸਰਕਾਰ ਨੂੰ ਹੋਂਦ ਵਿਚ ਆਇਆ ਸਾਢੇ ਤਿੰਨ ਸਾਲ ਹੋ ਚੱਲੇ ਹਨ, ਪਰ ਮੁਲਾਜ਼ਮਾਂ, ਪੈਨਸ਼ਨਰਾਂ ਨਾਲ ਕੀਤੇ ਵਾਇਦੇ ਪੂਰੇ ਨਹੀਂ ਕੀਤੇ। ਆਗੂਆਂ ਨੇ ਕਿਹਾ ਕਿ ਪੈਨਸ਼ਨਰਾਂ, ਮੁਲਾਜ਼ਮਾਂ ਵਿਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ, ਸਰਕਾਰ ਨੇ 2.59 ਦਾ ਫੈਕਟਰ ਲਾਗੂ ਨਹੀਂ ਕੀਤਾ, 113 ਤੋਂ 119 ਫੀਸਦੀ ਨਾਲ ਪੈਨਸ਼ਨ ਸੋਧ ਨਹੀਂ ਕੀਤੀ, 13 ਫੀਸਦੀ ਰਹਿੰਦੀਆਂ ਡੀ.ਏ ਦੀਆਂ ਕਿਸ਼ਤਾਂ ਅਤੇ ਡੀ.ਏ ਦਾ ਬਕਾਇਆ ਜਾਰੀ ਨਹੀਂ ਕੀਤਾ, ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ, ਕੱਚੇ ਕਰਮਚਾਰੀ ਪੱਕੇ ਨਹੀਂ ਕੀਤੇ, ਪੈਨਸ਼ਨਰਾਂ ਨੂੰ 42 ਕਿਸ਼ਤਾਂ ਵਿਚ ਬਕਾਇਆ ਦੇਣ ਦੀ ਬਜਾਏ ਇਕੋ ਕਿਸ਼ਤ ਵਿਚ ਦਿੱਤਾ ਜਾਵੇ। ਆਗੂਆਂ ਨੇ ਕਿਹਾ ਕਿ ਜੇਕਰ ਸਰਕਾਰ ਨੇ ਜਲਦੀ ਮੰਗਾਂ ਦਾ ਹੱਲ ਨਾ ਕੀਤਾ ਤਾਂ 14 ਜੂਨ ਨੂੰ ਲੁਧਿਆਣਾ ਪੱਛਮੀ ਵਿਚ ਸਾਂਝੇ ਫਰੰਟ ਵੱਲੋਂ ਰੋਸ ਮਾਰਚ ਕੀਤਾ ਜਾਵੇਗਾ। ਇਸ ਸਮੇਂ ਪ੍ਰੇਮ ਚੰਦ ਨੂੰ 80 ਸਾਲ ਦੀ ਉਮਰ ਪੂਰੀ ਹੋਣ ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰੀਤਮ ਸਿੰਘ, ਸੁਰਜੀਤ ਸਿੰਘ, ਸਤੀਸ਼ ਠਾਕੁਰ, ਜ਼ਸਵੰਤ ਮੈਣੀ, ਗੁਰਚਰਨ ਸਿੰਘ, ਪਰਵੇਜ਼ ਸਿਡਾਨਾ, ਅਵਤਾਰ ਸਿੰਘ, ਬਲਦੇਵ ਰਾਜ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

'ਆਪ ਮੁਹਾਰੇ' ਵਹੀਰਾਂ ਘੱਤ ਕੇ ਦਮਦਮੀ ਟਕਸਾਲ ਪੁੱਜੀਆਂ

# ਲੱਖਾਂ ਸੰਗਤਾਂ ਨੇ ਸ਼ਰਧਾਂ ਨਾਲ ਮਨਾਇਆ 41ਵਾਂ ਸ਼ਹੀਦੀ ਸਮਾਗਮ

## ਸ਼ਹੀਦਾਂ ਦੀ ਯਾਦ ਨਾ ਮਨਾਉਣ ਵਾਲੇ ਲੋਕ ਅਕ੍ਰਿਤਘਣ ਕਹਾਉਂਦੇ ਹਨ- ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ









(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਚੌਕ ਮਹਿਤਾ, 06 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜੂਨ 1984 'ਚ ਸਿੱਖ ਕੌਮ ਦੀ ਅਣਖ ਨੂੰ ਮਲੀਆਮੇਟ ਕਰਨ ਲਈ ਬੜੀ ਸੋਚੀ ਸਮਝੀ ਸ਼ਾਜ਼ਿਸ ਤਹਿਤ ਸਮੇਂ ਦੀ ਹਕੂਮਤ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਉੱਤੇ ਹਮਲਾ ਕੀਤਾ ਗਿਆ ਸੀ,ਜਿਸ ਦੌਰਾਨ ਆਪਣੇ ਗੁਰਧਾਮਾਂ ਦੀ ਰੱਖਿਆ ਕਰਦੇ ਹੋਏ ਦਮਦਮੀ ਟਕਸਾਲ ਦੇ ਸੂਰਬੀਰ ਯੋਧਿਆਂ ਨੇ ਡੱਟ ਕੇ ਜਬਰ ਤੇ ਜ਼ੁਲਮ ਦਾ ਸਾਹਮਣਾ ਕੀਤਾ ਤੇ ਸਰਕਾਰੀ ਹੁਕਮਾਂ ਅੱਗੇ ਝੁਕਣ ਦੀ ਬਜਾਏ ਹੱਸਦੇ ਹੋਏ ਸ਼ਹਾਦਤਾਂ ਦਾ ਜਾਮ ਪੀਤਾ।ਇਸ ਫੌਜੀ ਹਮਲੇ ਦੌਰਾਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਮਨਾ ਰਹੇ ਸੈਂਕੜੇ ਬੇਕਸੂਰ ਸੰਗਤਾਂ ਨੂੰ ਵੀ ਇਸ ਸਰਕਾਰੀ ਤਸ਼ੱਦਦ ਦਾ ਸ਼ਿਕਾਰ ਹੋਣਾ ਪਿਆ।ਸਿੱਖਾਂ ਉਪੱਰ ਕੀਤਾ ਗਿਆ ਇਹ ਹਮਲਾ ਤੀਸਰਾ ਘੱਲੂਘਾਰਾ ਸੀ,ਜਿਸਦੀ ਅੱਜ 40ਵੀਂ ਸ਼ਹੀਦੀ ਵਰ੍ਹੇਗੰਢ ਅੱਜ ਇੱਥੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ ਟਕਸਾਲ ਦੇ ਕੇਂਦਰੀ ਅਸਥਾਨ ਗੁ.ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਮਨਾਈ ਗਈ।

ਅੰਤਰਰਾਸ਼ਟਰੀ ਪੱਧਰ 'ਤੇ ਹੋਏ ਅੱਜ ਦੇ ਇਸ ਸਮਾਗਮ ਦੌਰਾਨ ਵਿਸ਼ਾਲ ਪੰਥਕ ਇਕੱਠ ਕੀਤਾ ਗਿਆ,ਜਿਸ ਵਿੱਚ ਤਖਤਾਂ ਦੇ ਸਿੰਘ ਸਾਹਿਬਾਨ,ਸੰਤ ਸਮਾਜ ਤੋਂ ਸੰਤ-ਮਹਾਂਪੁਰਸ਼ਾਂ,ਦਿੱਲੀ ਤੇ ਸ਼੍ਰੋਮਣੀ ਕਮੇਟੀ ਦੇ ਮੈਂਬਰ,ਨਿਹੰਗ ਸਿੰਘ ਜਥੇਬੰਦੀਆਂ ਤੇ ਹੋਰ ਸੰਪਰਦਾਵਾਂ ਦੇ ਮੁਖੀ ਤੋਂ ਇਲਾਵਾ ਬਹੁਤ ਸਾਰੀਆਂ ਧਾਰਮਿਕ,ਸਮਾਜਿਕ ਤੇ ਰਾਜਨੀਤਿਕ ਸ਼ਖਸ਼ੀਅਤਾਂ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਇਸ ਮੌਕੇ ਆਪਣੇ ਸ਼ਹੀਦਾਂ ਦੇ ਸਤਿਕਾਰ 'ਚ 'ਆਪ ਮੁਹਾਰੇ' ਵਹੀਰਾਂ ਘੱਤ ਕੇ ਲੱਖਾਂ ਦੀ ਗਿਣਤੀ 'ਚ ਦਮਦਮੀ ਟਕਸਾਲ ਪੁੱਜੀਆਂ ਸੰਗਤਾਂ ਨੇ ਇਸ ਗੱਲ਼ ਦੀ ਪ੍ਰੋੜਤਾ ਕੀਤੀ ਕਿ ਦਮਦਮੀ ਟਕਸਾਲ ਜਥਾਂ ਭਿੰਡਰਾ ਨੇ ਆਪਣੀ ਰਹਿਤ ਮਰਿਯਾਦਾ ਤੇ ਸਿਧਾਤਾਂ ਨੂੰ ਇੰਨ ਬਿੰਨ ਕਾਇਮ ਰੱਖਿਆ ਹੈ ਤੇ ਆਪਣੇ ਅਸੂਲਾਂ 'ਤੇ ਚੱਲਦਿਆਂ ਹਮੇਸ਼ਾਂ ਆਪਣੀ ਉੱਚੀ ਤੇ ਸੱਚੀ-ਸੁੱਚੀ ਸੋਚ 'ਤੇ ਡੱਟ ਕੇ ਪਹਿਰਾ ਦਿੱਤਾ ਹੈ।

ਅੱਜ ਦੇ ਇਸ 40ਵੇਂ ਤੀਸਰੇ ਘੱਲੂਘਾਰੇ ਸਮਾਗਮ ਦੌਰਾਨ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣ ਉਪਰੰਤ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜੋਤ ਸਿੰਘ ਜ਼ਖਮੀ ਦੇ ਜਥੇ ਤੋਂ ਇਲਾਵਾ ਦਮਦਮੀ ਟਕਸਾਲ ਦੇ ਵਿਦਿਆਰਥੀਆਂ ਨੇ ਸੰਗਤਾਂ ਨੂੰ ਆਨੰਦਮਈ ਸ਼ਬਦ ਕੀਰਤਨ ਸਰਵਨ ਕਰਾਇਆ।

ਸ਼ਹੀਦੀ ਸਮਾਗਮ ਦੀ ਆਰੰਭਤਾ ਕਰਦੇ ਹੋਏ ਦਮਦਮੀ ਟਕਸਾਲ ਮੁਖੀ ਸੰਤ ਗਿ. ਹਰਨਾਮ੍ਹ ਸਿੰਘ ਖਾਲਸਾ ਨੇ ਦੀਵਾਨ 'ਚ ਹਾਜ਼ਰੀ ਭਰ ਰਹੀਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ।ਉਨ੍ਹਾਂ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਪ੍ਰਣਾਮ ਕਰਦਿਆਂ ਕਿਹਾ ਕਿ ਜੂਨ '84 'ਚ ਸਰਕਾਰੀ ਤੰਤਰ ਵੱਲੋਂ ਸਿੱਖ ਨਸਲਕੁਸ਼ੀ ਦਾ ਜੋ ਘਿਨਾਉਣਾ ਕਾਰਨਾਮਾ ਕੀਤਾ ਗਿਆ ਸੀ, ਸਿੱਖ ਪੰਥ ਲਈ ਬਹੁਤ ਅਸਹਿ ਤੇ ਅਕਹਿ ਹੈ।40 ਸਾਲ ਪਹਿਲਾਂ ਵਾਪਰੇ ਇਸ ਤੀਸਰੇ ਘੱਲੂਘਾਰੇ ਦਾ ਜੋ ਸੰਤਾਪ ਕੌਮ ਨੇ ਆਪਣੇ ਪਿੰਡੇ 'ਤੇ ਹੰਢਾਇਆ ਹੈ,ਨਾ ਬਰਦਾਸ਼ਤ ਤੇ ਨਾ ਭੁੱਲਣਯੋਗ ਹੈ।ਇਸ ਘੱਲੂਘਾਰੇ ਦੇ ਬਹੁਤ ਸਾਰੇ ਪਹਿਲੂ ਹਨ, ਜਿੰਨ੍ਹਾਂ ਨੂੰ ਵਿਸਥਾਰ 'ਚ ਬਿਆਨਣ ਤੋਂ ਕਲਮ ਪੂਰੀ ਤਰ੍ਹਾਂ ਬੇਬਸ ਹੈ।ਸ੍ਰੀ ਹਰਿਮੰਦਰ ਸਾਹਿਬ ਵਿਖੇ ਉਸ ਸਮੇਂ ਪ੍ਰਕਾਸ਼ਮਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਜ਼ਖਮੀ ਪਾਵਨ ਸਰੂਪ,ਸ੍ਰੀ ਹਰਿਮੰਦਰ ਸਾਹਿਬ 'ਤੇ ਲੱਗੀਆਂ ਗੋਲੀਆਂ ਦੇ ਨਿਸ਼ਾਨ,ਢਹਿ ਢੇਰੀ ਕੀਤਾ ਗਿਆ ਸ੍ਰੀ ਅਕਾਲ ਤਖਤ ਸਾਹਿਬ, ਦਰਸ਼ਨੀ ਡਿਉੜੀ,ਸਿੱਖ ਰੈਫਰੈਂਸ ਲਾਇਬ੍ਰੇਰੀ ਤੇ ਗੁਰੂ ਰਾਮਦਾਸ ਸਰਾਂ ਨੂੰ ਹੋਏ ਨੁਕਸਾਨ ਤੇ ਤੇਜਾ ਸਿੰਘ ਸਮੁੰਦਰੀ ਹਾਲ ਦੀ ਸੜੀ ਹਈ ਇਮਾਰਤ ਤੋਂ ਇਲਾਵਾ ਸੈਂਕੜੇ ਯਤੀਮ ਹੋਏ ਬੱਚੇ, ਵਿਧਵਾਵਾਂ, ਰੋਂਦੀਆਂ ਭੈਣਾਂ ਤੇ ਬਦਨਸੀਬ ਮਾਪੇ ਅੱਜ ਵੀ ਉਨ੍ਹਾਂ ਕਾਲੇ ਦਿਨਾਂ ਦੀ ਕਹਾਣੀ ਬਿਆਨ ਕਰਦੇ ਹੋਏ ਘਲੂੱਘਾਰੇ ਦੀ ਮੂੰਹ ਬੋਲਦੀ ਘਿਨੌਣੀ ਤਸਵੀਰ ਨੂੰ ਪ੍ਰਗਟ ਕਰਦੇ ਹਨ ਉਨ੍ਹਾਂ ਕਿਹਾ ਕਿ ਕਹਿਣਾ-ਸੁਣਨਾ ਤੇ ਲ਼ਿਖਿ ਲੈਣਾ ਆਸਾਨ ਹੈ ਪਰ ਅਜਿਹੇ ਰਿਸਦੇ ਜ਼ਖਮਾਂ ਦੇ ਨਾਸੂਰ ਨੂੰ ਨੰਗੇ ਪਿੰਡੇ ਹੰਢਾਉਣਾ ਬਹੁਤ ਮੁਸ਼ਿਕਲ ਹੈ,ਪਰ ਸਿੱਖਾਂ ਨੂੰ ਇਹ ਨੂੰ ਸਭ ਹੰਢਾਉਣਾ ਪਿਆ ਹੈ ਤੇ ਅਜੇ ਭੀ ਹੰਢਾ ਰਹੇ ਹਨ।ਇਹ ਜ਼ਖ਼ਮ ਹੀ ਅਜਿਹੇ ਹਨ, ਜਿਨ੍ਹਾਂ ਦਾ ਪੂਰੀ ਤਰ੍ਹਾਂ ਠੀਕ ਹੋ ਜਾਣਾ ਅਸੰਭਵ ਹੈ,ਕਿਉਂਕਿ ਕੁਝ ਘਟਨਾਵਾਂ ਜਾਂ ਕੁਝ ਸਾਕੇ ਹੀ ਅਜਿਹੇ ਵਾਪਰ ਜਾਂਦੇ ਹਨ ਜੋ ਆਪਣੀ ਅਮਿੱਟ ਛਾਪ ਲੋਕ-ਹਿਰਦਿਆਂ ਉੱਪਰ ਸਦੀਵੀ ਕਾਲ ਲਈ ਛੱਡ ਜਾਂਦੇ ਹਨ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ 20ਵੀਂ ਸਦੀ 'ਚ ਵਾਪਰੇ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ ਸਿੰਘਾਂ ਨੇ ਗੁਰਧਾਮਾਂ ਦੀ ਰੱਖਿਆ ਖਾਤਰ ਚੜ੍ਹ ਕੇ ਆਈਆਂ ਭਾਰਤੀ ਫੌਜਾਂ ਦਾ ਟਾਕਰਾ ਕਰਦੇ ਹੋਏ ਸ਼ਹੀਦੀਆਂ ਦੇ ਦਿੱਤੀਆਂ ਪਰ ਈਨ ਨਾ ਮੰਨੀ।ਇਹ ਮਾਣਮੱਤੀਆਂ ਸ਼ਹੀਦੀਆਂ ਦਮਦਮੀ ਟਕਸਾਲ ਦੀ ਵਿਰਾਸਤ 'ਚ ਹਨ ਤੇ ਇਸ ਸੰਸਥਾ ਦਾ ਇਤਿਹਾਸ ਅਜਿਹੀਆਂ ਸ਼ਹੀਦੀਆਂ ਨਾਲ ਭਰਿਆ ਹੋਇਆ ਹੈ ਉਨ੍ਹਾਂ ਕਿਹਾ ਕਿ ਇਸ ਜਥੇਬੰਦੀ ਨੇ ਹਮੇਸ਼ਾਂ ਸਾਰਥਕ ਰੋਲ ਨਿਭਾਇਆ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ‘ਆਪ ਮੁਹਾਰੇ’ ਵਹੀਰਾਂ ਘੱਤ ਕੇ ਦਮਦਮੀ ਟਕਸਾਲ ਪੁੱਜੀਆਂ

# ਲੱਖਾਂ ਸੰਗਤਾਂ ਨੇ ਸ਼ਰਧਾਂ ਨਾਲ ਮਨਾਇਆ 41ਵਾਂ ਸ਼ਹੀਦੀ ਸਮਾਗਮ

- ਸ੍ਰੀ ਅਕਾਲ ਤਖਤ ਸਾਹਿਬ ਵਿਖੇ ਸ਼ਾਂਤਮਈ ਢੰਗ ਨਾਲ ਹੋਏ ਸਮਾਗਮਾਂ ਨੇ ਪੰਥ ਦੋਖੀਆਂ ਦੇ ਮੂੰਹ ਬੰਦ ਕੀਤੇ : ਐਡ. ਹਰਜਿੰਦਰ ਸਿੰਘ ਧਾਮੀ
- 40 ਸਾਲ ਬੀਤ ਜਾਣ ਦੇ ਬਾਵਜੂਦ ਸੁੱਮਚੇ ਖਾਲਸਾ ਪੰਥ ਦੇ ਹਿਰਦੇ ਅੰਦਰ ਤੀਸਰੇ ਘੱਲੂਘਾਰੇ ਦਾ ਦਰਦ ਅੱਜ ਵੀ ਕਾਇਮ-ਜਥੇ. ਗਿਆਨੀ ਰਘਬੀਰ ਸਿੰਘ










ਹੈ ਤੇ ਸਿਧਾਂਤਾ ‘ਤੇ ਚੱਲਦਿਆਂ ਬਾਣੀ ਤੇ ਬਾਣੇ ਦਾ ਸਤਿਕਾਰ ਬਰਕਰਾਰ ਰੱਖ ਦੇ ਹੋਏ ‘ਸ਼ਬਦ’ ਗੁਰੂ ਦੇ ਪ੍ਰਚਾਰ ਤੇ ‘ਪੰਥ’ ਦੇ ਪ੍ਰਸਾਰ ਲਈ ਵੱਡੀਆਂ ਸੇਵਾਵਾਂ ਕੀਤੀਆ ਹਨ ਤੇ ਨਿਰੰਤਰ ਜਾਰੀ ਵੀ ਹਨ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ 20ਵੀਂ ਸਦੀ ‘ਚ ਵਾਪਰੇ ਤੀਸਰੇ ਘੱਲੂਘਾਰੇ ਦੌਰਾਨ ਦਮਦਮੀ ਟਕਸਾਲ ਦੇ ਸਿੰਘਾਂ ਨੇ ਗੁਰਧਾਮਾਂ ਦੀ ਰੱਖਿਆ ਖਾਤਰ ਚੜ੍ਹ ਕੇ ਆਈਆਂ ਭਾਰਤੀ ਫੌਜਾਂ ਦਾ ਟਾਕਰਾ ਕਰਦੇ ਹੋਏ ਸ਼ਹੀਦੀਆਂ ਦੇ ਦਿੱਤੀਆਂ ਪਰ ਈਨ ਨਾ ਮੰਨੀ।ਇਹ ਮਾਣਮੱਤੀਆਂ ਸ਼ਹੀਦੀਆਂ ਦਮਦਮੀ ਟਕਸਾਲ ਦੀ ਵਿਰਾਸਤ ਹਨ ਤੇ ਇਸ ਸੰਸਥਾ ਦਾ ਇਤਿਹਾਸ ਅਜਿਹੀਆਂ ਸ਼ਹੀਦੀਆਂ ਨਾਲ ਭਰਿਆ ਹੋਇਆ ਹੈ।ਇਸ ਦੌਰਾਨ ਉਨ੍ਹਾਂ ਨੇ ਦਮਦਮੀ ਟਕਸਾਲ ਮੁਖੀ ਨੂੰ ਜ਼ੋਰਦਾਰ ਅਪੀਲ ਕਰਦੇ ਹੋਏ ਕਿਹਾ ਕਿ ਪੰਥ ਦੇ ਵਿਖਰੇਵਿਆਂ ਨੂੰ ਖਤਮ ਕਰਕੇ ਇਕੱਠੇ ਹੋਈਏ ਤੇ ਅੰਮ੍ਰਿਤ ਸੰਚਾਰ ਦੀਆਂ ਵਹੀਰਾਂ ਚਲਾਉਂਦੇ ਹੋਏ ਪੰਥ ਦੀ ਏਕਤਾ ਲਈ ਕੰਮ ਕਰੀਏ।

ਜਥੇਦਾਰ ਸਿੰਘ ਸਾਹਿਬ ਗਿ. ਰਘਬੀਰ ਸਿੰਘ ਨੇ ਕਿਹਾ ਕਿ ਅੱਜ ਭਾਂਵੇ ਸਮੂਹ ਸੰਗਤਾਂ ਤੀਸਰੇ ਘੱਲੂਘਾਰੇ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਮਨਾ ਰਹੀਆਂ ਹਨ,ਪਰ ਉਸ ਵੇਲੇ ਵਾਪਰੇ ਦੁਖਾਂਤ ਦੀ ਚੀਸ ਅੱਜ 40 ਸਾਲ ਬੀਤ ਜਾਣ ਦੇ ਬਾਵਜੂਦ ਸੁੱਮਚੇ ਖਾਲਸਾ ਪੰਥ ਦੇ ਹਿਰਦੇ ਅੰਦਰ ਉਵੇਂ ਦੀ ਉਵੇਂ ਹੀ ਕਾਇਮ ਹੈ।ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਪਹਿਲਾਂ ਵੀ ਦੋ ਘੱਲੂਘਾਰੇ ਦੇਖਣੇ ਪਏ ਪਰ ਜੂਨ 84’ਚ ਵਾਪਰਿਆ ਤੀਸਰਾ ਘੱਲੂਘਾਰਾ ਇਸਤੋਂ ਅਲੱਗ ਸੀ,ਕਿਉਂਕਿ ਪਹਿਲਾਂ ਦੋ ਘੱਲੂਘਾਰਿਆਂ ਦੌਰਾਨ ਸਿੱਖਾਂ ‘ਤੇ ਹਮਲਾ ਕਰਨ ਵਾਲੇ ਬਾਹਰੀ ਸਨ ਪਰ ਤੀਸਰੇ ਘੱਲੂਘਾਰੇ ਦੌਰਾਨ ਸਿੱਖ ਕੌਮ ਦਾ ਘਾਣ ਉਸ ਹਿੰਦੋਸਤਾਨ ਦੇਸ਼ ਦੀ ਕਾਂਗਰਸੀ ਹਕੂਮਤ ਵੱਲੋਂ ਕੀਤਾ ਗਿਆ ਸੀ,ਜਿਸ ਦੀ ਆਜ਼ਾਦੀ ਲਈ 2 ਫੀਸਦੀ ਆਬਾਦੀ ਵਾਲੇ ਸਿੱਖਾਂ ਨੇ 80 ਫੀਸਦੀਆਂ ਕੁਰਬਾਨੀਆਂ ਦਿੰਦੇ ਹੋਏ ਸ਼ਹੀਦੀ ਦਿੱਤੀਆਂ ਤੇ ਕਾਲੇ ਪਾਣੀ ਦੀਆਂ ਜੇਲ੍ਹਾਂ ਕੱਟੀਆਂ।ਉਨ੍ਹਾਂ ਨੇ ਅੰਤ ‘ਚ ਆਪਸੀ ਵਿਖਰੇਵੇਂ ਖਤਮ ਕਰਕੇ ਖਾਲਸਾ ਪੰਥ ਦੀ ਚੜ੍ਹਦੀ ਕਲਾ ਲਈ ਸਮੂਹ ਸੰਗਤਾਂ ਨੂੰ ਇੱਕਜੁੱਟ ਹੋਣ ਦੀ ਅਪੀਲ ਕੀਤੀ।

ਤਖਤ ਸਚਖੰਡ ਹਰਮੰਦਰ ਜੀ ਪਟਨਾ ਸਿੰਘ ਦੇ ਗਿਆਨੀ ਬਲਦੇਵ ਸਿੰਘ ਜੀ ,ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਕਿਹਾ ਕਿ ਇਸ ਘੱਲੂਘਾਰੇ ਦੌਰਾਨ ਭਾਰਤੀ ਹਕੂਮਤ ਨੇ ਬੇਗਾਨਪਨ ਦਾ ਅਹਿਸਾਸ ਕਰਾਉਂਦੇ ਹੋਏ ਆਪਣੇ ਹੀ ਦੇਸ਼ ਦੇ ਬਸ਼ਿੰਦਿਆ ਉਪੱਰ ਵੱਡਾ ਨਿਰਦਈਪੁਣਾ ਦਿਖਾਇਆ ਤੇ ਸਿੱਖਾਂ ਦੇ ਕੇਂਦਰੀ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਤੇ ਸਰਵ ਉੱਚ ਅਸਥਾਨ ਸ੍ਰੀ ਅਕਾਲ ਤਖਤ ਸਾਹਿਬ ‘ਤੇ ਭਾਰਤੀ ਫੌਜਾਂ ਚਾੜ੍ਹਦੇ ਹੋਏ ਪਵਿੱਤਰ ਅਸਥਾਨਾਂ ਦੀ ਬੇਅਦਬੀ ਕਰਨ ਦਾ ਯਤਨ ਕੀਤਾ ਗਿਆ ਪਰ ਕੌਮ ਦੇ ਸੂਰਬੀਰ ਯੋਧਿਆਂ ਨੇ ਇਹ ਮਨਸੂਬੇ ਪੂਰੇ ਨਾ ਹੋਣ ਦਿੱਤੇ ਤੇ ਡੱਟ ਕੇ ਮੁਕਾਬਲੇ ਕਰਦੇ ਹੋਏ ਚੜ੍ਹ ਕੇ ਆਏ ਦੁਸ਼ਮਣ ਨੂੰ ਮੂੰਹ ਤੋੜ ਜਵਾਬ ਦਿੱਤਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਆਪਣੇ ਸੰਬੋਧਨ ‘ਚ ਪੰਥ ਦੇ ਉੱਘੇ ਸਿੱਖ ਪ੍ਰਚਾਰਕ ਬਾਬਾ ਬੰਤਾ ਸਿੰਘ ਮੁੰਡਾ ਪਿੰਡ ਨੇ ਕਿਹਾ ਕਿ ਸਾਕਾ ਨੀਲਾ ਤਾਰਾ ਹਕੂਮਤ ਵੱਲੋਂ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਦੀ ਕਾਰਵਾਈ ਸੀ ਪਰ ਦੇਸ਼ ਦਾ ਬਹੁਗਿਣਤੀ ਭਾਈਚਾਰਾ ਇਹ ਭੁੱਲ ਰਿਹਾ ਹੈ ਕਿ ਦੇਸ਼ ਦੀ ਆਜਾਦੀ ਲਈ ਸਿੱਖਾਂ ਨੇ 80 ਫੀਸਦੀ ਕੁਰਬਾਨੀਆਂ ਕੀਤੀਆਂ ਹਨ ਤੇ ਜੇ ਸਿੱਖ ਇੰਨੀ ਵੱਡੀ ਗਿਣਤੀ ‘ਚ ਕੁਰਬਾਨੀ ਨਾ ਕਰਦੇ ਤਾਂ ਅੱਜ ਹਿੰਦੁਸਤਾਨ ਦਾ ਨਕਸ਼ਾ ਹੋਰ ਹੁੰਦਾ।

ਇਸ ਸਮਾਗਮ ਦੌਰਾਨ ਉੱਘੇ ਸਿੱਖ ਵਿਦਵਾਨ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਬਾਬਾ ਬੁੱਧ ਸਿੰਘ ਨਿੱਕੇ ਘੁੰਮਣਾਂ ਵਾਲੇ, ਸੰਤ ਬਾਬਾ ਲਖਬੀਰ ਸਿੰਘ ਰਤਵਾੜਾ ਸਾਹਿਬ,ਸੰਤ ਬਾਬਾ ਹਰਜਿੰਦਰ ਸਿੰਘ ਜਿੰਦੂ ਨਾਨਕਸਰ, ਸੰਤ ਬਾਬਾ ਹਰੀ ਸਿੰਘ ਜੀ, ਬਾਬਾ ਗੁਰਪ੍ਰੀਤ ਸਿੰਘ ਰੰਧਾਵਾ,ਭਾਈ ਹਰਜਿੰਦਰ ਸਿੰਘ ਰਾੜਾ ਸਾਹਿਬ ,ਬਾਬਾ ਗੁਰਪ੍ਰੀਤ ਸਿੰਘ ਰੰਧਾਵੇ ਵਾਲੇ,ਰਾਮਸ਼ੇਵਰ ਨਾਇਕ ਮਹਾਂਰਾਸ਼ਟਰ ,ਨਿਹੰਗ ਬਾਬਾ ਮੇਜਰ ਸਿੰਘ ਸੋਢੀ , ਰਜਿੰਦਰ ਸਿੰਘ ਮਹਿਤਾ ਤੋਂ ਇਲਾਵਾ ਬਹੁਤ ਸਾਰੇ ਬੁਲਾਰਿਆਂ ਨੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾਂ ਦੇ ਫੁੱਲ ਭੇਂਟ ਕਰਦੇ ਹੋਏ ਸ਼ਹੀਦਾਂ ਦੇ ਸਤਿਕਾਰ ‘ਚ ਆਪਣੇ ਵਿਚਾਰ ਰੱਖੇ ਤੇ ਦਮਦਮੀ ਟਕਸਾਲ ਵੱਲੋਂ ਕੌਮ ਪ੍ਰਤੀ ਨਿਭਾਈਆ ਜਾ ਰਹੀਆਂ ਅਹਿਮ ਸੇਵਾਵਾਂ ਲਈ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਸ਼ਲਾਘਾ ਕਰਦੇ ਹੋਏ ਹਰ ਪੱਖੋਂ ਟਕਸਾਲ ਦਾ ਸਾਥ ਦੇਣ ਦਾ ਭਰੋਸਾ ਦਿੱਤਾ।

ਇਸਦੇ ਨਾਲ ਹੀ ਇਸ ਵਾਰ ਦਾ ‘ਸੇਵਾ ਰਤਨ ਐਵਾਰਡ’ ਤਖਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਦੇ ਜਥੇਦਾਰ ਬਾਬਾ ਕੁਲਵੰਤ ਸਿੰਘ ਨੂੰ ਉਹਨਾਂ ਦੀਆਂ ਪਿਛਲੇ 25 ਸਾਲਾ ਤੋਂ ਨਿਭਾਈ ਜਾ ਰਹੀਆਂ ਵੱਡੀਆ ਪੰਥਕ ਸੇਵਾਵਾਂ ਲਈ ਦਿੱਤਾ ਗਿਆ,ਜੋ ਉਨ੍ਹਾਂ ਵੱਲੋਂ ਇੱਥੇ ਪੁੱਜੇ ਕਥਾ ਵਾਚਕ ਗਿਆਨੀ ਸੁਖਵਿੰਦਰ ਸਿੰਘ ਨੇ ਪ੍ਰਾਪਤ ਕੀਤਾ।

ਇਸ ਸਮਾਗਮ ਦੌਰਾਨ ਸਮੂਹ ਬੁਲਾਰਿਆਂ ਨੇ ਦਮਦਮੀ ਟਕਸਾਲ ਵੱਲੋਂ ਬਾਣੀ ਤੇ ਬਾਣੇ ਦੇ ਪ੍ਰਚਾਰ ਤੇ ਪ੍ਰਸਾਰ ਲਈ ਨਿਭਾਈਆਂ ਜਾ ਰਹੀਆਂ ਵਿਸ਼ਾਲ ਪੰਥਕ ਸੇਵਾਵਾਂ ਲਈ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਜਿੱਥੇ ਦਮਦਮੀ ਟਕਸਾਲ ਸ਼ਹਾਦਤਾਂ ਦੇਣ ‘ਚ ਮੋਹਰੀ ਰਹੀ ਹੈ,ਉੱਥੇ ਹੀ ਪੰਥਕ ਤੌਰ ‘ਤੇ ਵੀ ਦਮਦਮੀ ਟਕਸਾਲ ਨੇ ਮੋਹਰੀ ਹੋ ਕੇ ਸੇਵਾਵਾਂ ਨਿਭਾਈਆਂ ਹਨ।ਉਨ੍ਹਾਂ ਨੇ ਸੰਤ ਗਿ.ਹਰਨਾਮ ਸਿੰਘ ਖਾਲਸਾ ਵੱਲੋਂ ਸ਼ਹੀਦੀ ਗੈਲਰੀ ਬਣਾਉਣਾ,ਸ਼ਹੀਦੀ ਗੈਲਰੀ ਅੰਦਰ ਤੀਸਰੇ ਘੱਲੂਘਾਰੇ ਦੀ ਸਮੂਹ ਸ਼ਹੀਦਾਂ ਦੀਆਂ ਫੋਟੋਆਂ ਸਥਾਪਿਤ ਕਰਨ ,ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਰਥਾਂ ਦਾ 16 ਭਾਗਾਂ ‘ਚ ਸਟੀਕ ਜਾਰੀ ਕਰਨ ਤੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਸ਼ਹੀਦੀ ਅਸਥਾਨ ਦੇ ਸੁੰਦਰੀਕਰਨ ਲਈ ਨਿਭਾਈ ਜਾ ਰਹੀ ਸੇਵਾ ਦਾ ਜ਼ਿਕਰ ਕਰਦਿਆ ਕਿਹਾ ਕਿ ਦਮਦਮੀ ਟਕਸਾਲ ਇੱਕ ਵਿੱਲਖਣ ‘ਤੇ ਨਿਰਾਲ਼ੀ ਸੰਸਥਾ ਹੈ ਤੇ ਗੁਰੂ ਦੀ ਆਪਾਰ ਕ੍ਰਿਪਾ ਨਾਲ ਇਹ ਮਹੱਤਵਪੂਰਨ ਸੇਵਾਵਾਂ ਇਸ ਸੰਸਥਾ ਦੇ ਹਿੱਸੇ ਆਈਆਂ ਹਨ।ਉਨ੍ਹਾਂ ਕੌਮ ਖਾਤਰ ਕੁਰਬਾਨੀਆਂ ਕਰਨ ਵਾਲੇ ਸਿੰਘਾਂ ਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਾਰ ਲੈਣ ਲਈ ਦਮਦਮੀ ਟਕਸਾਲ ਦੇ ਮੁਖੀ ਦੀ ਜ਼ੋਰਦਾਰ ਸਲਾਘਾ ਕਰਦਿਆਂ ਕਿਹਾ ਕਿ ਦਮਦਮੀ ਟਕਸਾਲ ਅੱਜ ਵੀ ਗੁਰੂ ਸਾਹਿਬਾਨ ਦੇ ਆਸੇ ਦੀ ਪੂਰਤੀ ਲਈ ਨਿਰੰਤਰ ਕਾਰਜਸ਼ੀਲ ਹੈ।ਸਮਾਗਮ ਦੌਰਾਨ ਸਮਾਗਮ ‘ਚ ਸ਼ਾਮਿਲ ਹੋਏ ਬੰਦੀ ਸਿੰਘਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਅੱਜ ਇਸ ਪੰਥਕ ਇਕੱਠ ਅੰਦਰ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ,ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਗ੍ਰੰਥੀ ,ਸਿੰਘ ਸਾਹਿਬ ਗਿਆਨੀ ਕੇਵਲ ਸਿੰਘ ਗ੍ਰੰਥੀ,ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਗ੍ਰੰਥੀ, ਅਰਦਾਸੀਏ ਗਿਆਨੀ ਸੁਖਦੇਵ ਸਿੰਘ ਤੇ ਗਿਆਨੀ ਪ੍ਰਗਟ ਸਿੰਘ, ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਐਡੀਸ਼ੀਨਲ ਗ੍ਰੰਥੀ,ਭਾਈ ਈਸ਼ਰ ਸਿੰਘ,ਸੰਤ ਬਾਬਾ ਸਾਧੂ ਸਿੰਘ ਛਾਹੜ ਵਾਲੇ,ਜਥੇਦਾਰ ਬਾਬਾ ਸੁਖਜੀਤ ਸਿੰਘ,ਜਥੇਦਾਰ ਬਾਬਾ ਜੋਗਾ ਸਿੰਘ,ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਸਪਰਦਾ,ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ,ਬਾਬਾ ਨਰਿੰਦਰ ਸਿੰਘ ਤੇ ਬਾਬਾ ਤੇਜਿੰਦਰ ਸਿੰਘ ਨਾਨਕਸਰ,ਬਾਬਾ ਰਾਮ ਸਿੰਘ ਅਬਦਾਲ,ਬਾਬਾ ਰੇਸ਼ਮ ਸਿੰਘ,ਜਥੇਦਾਰ ਜਸਵੰਤ ਸਿੰਘ ਰੋਡੇ, ਬਾਬਾ ਹੀਰਾ ਸਿੰਘ ਝੂਲਣੇ ਮਹਿਲ, ਬਾਬਾ ਚਰਨ ਸਿੰਘ, ਗਿਆਨੀ ਜਗਜੀਤ ਸਿੰਘ ਰਿਆੜ ,ਬਾਬਾ ਤਰਲੋਕ ਸਿੰਘ ਖਿਆਲੇ ਵਾਲੇ ,ਬਾਬਾ ਕਰਤਾਰ ਸਿੰਘ, ਬਾਬਾ ਬਚਿੱਤਰ ਸਿੰਘ, ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ, ਬਾਬਾ ਸੁਖਦੇਵ ਸਿੰਘ ਮੁੱਲਾਂਵਾਲ, ਬਾਬਾ ਸਤਿੰਦਰ ਸਿੰਘ ,ਬਾਬਾ ਬਲਵਿੰਦਰ ਸਿੰਘ ਖੁਮਾਣੀਸਰ,ਬਾਬਾ ਕੋਰਿੰਦਰ ਸਿੰਘ ਲੋਪੋਜੇ,, ਬਾਬਾ ਸੇਵਾ ਸਿੰਘ ਖਡੂਰ ਸਾਹਿਬ,ਬਾਬਾ ਗੁਰਪ੍ਰੀਤ ਸਿੰਘ,ਬਾਬਾ ਜਗਸੀਰ ਸਿੰਘ ਮਾਂਗੇਆਣਾ,ਬਾਬਾ ਬਲਵਿੰਦਰ ਸਿੰਘ ਕੈਲੇ,ਬਾਬਾ ਇੰਦਰਬੀਰ ਸਿੰਘ ਸਤਲਾਨੀ ਸਾਹਿਬ,ਬਾਬਾ ਮੇਜਰ ਸਿੰਘ ਵਾਂ ਵਾਲੇ,ਬਾਬਾ ਮਲਕੀਤ ਸਿੰਘ ਜੱਬੋਵਾਲ,ਬਾਬਾ ਪ੍ਰਤਾਪ ਸਿੰਘ ਨਾਨਕਸਰ,ਬਾਬਾ ਮੌਜਦਾਸ ਮਾੜੀ ਕੰਬੋਕੇ,ਬਾਬਾ ਮਹਾਂਵੀਰ ਸਿੰਘ ਤਾਜੋਵਾਲ,ਸੰਤ ਕਰਮ ਸਿੰਘ ਟਿੱਬਾ ਸਾਹਿਬ,ਬਾਬਾ ਗੁਰਦਿਆਲ ਸਿੰਘ ਰੋੜੀ ਸਾਹਿਬ, ਬਾਬਾ ਜਗਜੀਤ ਸਿੰਘ ਗੁਰੂ ਨਾਨਕ ਦਲ ਮੜੀਆਂ ਵਾਲੇ,ਬਾਬਾ ਕਵਲਜੀਤ ਸਿੰਘ ਨਾਗਿਆਨਾ ਸਾਹਿਬ, ਸੰਤ ਬਾਬਾ ਬਲਵਿੰਦਰ ਸਿੰਘ ਡੇਰੇ ਵਾਲੇ ,ਗਿਆਨੀ ਭੁਪਿੰਦਰ ਸਿੰਘ ਗਦਲੀ, ਭਾਈ ਦਿਲਬਾਗ ਸਿੰਘ ਬਾਸਰਕੇ, ਭਾਈ ਰਜਿੰਦਰ ਸਿੰਘ ,ਬਾਬਾ ਦਰਸ਼ਨ ਸਿੰਘ ਘੋੜੇ ਵਾਹ ਭਾਈ ਗੁਰਜਿੰਦਰ ਸਿੰਘ ,ਬਾਬਾ ਜ਼ੋਰਾ ਸਿੰਘ ਬੰਧਨੀ ਕਲਾਂ, ਬਾਬਾ ਜੱਜ ਸਿੰਘ ਫਾਜ਼ਿਲਕਾ, ਸੰਤ ਬਾਬਾ ਸੱਜਣ ਸਿੰਘ ਬਰੇ ਸਾਹਿਬ ਵਾਲੇ ਵੱਲੋਂ ਭਾਈ ਰਣਜੀਤ ਸਿੰਘ ਤੇ ਭਾਈ ਬਲਰਾਜ ਸਿੰਘ,ਬਾਬਾ ਪ੍ਰਗਟ ਸਿੰਘ ਬੀੜ ਸਾਹਿਬ,ਬਾਬਾ ਸੰਤ ਬਾਬਾ ਜੋਗਿੰਦਰ ਸਿੰਘ ਕਾਰ ਸੇਵਾ, ਸੰਤ ਬਾਬਾ ਘੋਲਾ ਸਿੰਘ, ਬਾਬਾ ਗੁਰਪ੍ਰੀਤ ਸਿੰਘ ਰੰਧਾਵੇ ਵਾਲੇ,ਭਾਈ ਗੁਰਮੁੱਖ ਸਿੰਘ ਸੰਧੂ ਨਾਸਿਕ,ਭਾਈ ਕਰਨੈਲ ਸਿੰਘ ਹਜ਼ੂਰ ਸਾਹਿਬ,ਭਾਈ ਗੁਰਦੀਪ ਸਿੰਘ ਖੇੜਾ, ਲਵਪ੍ਰੀਤ ਸਿੰਘ ਜ਼ਿਲ੍ਹਾਂ ਪ੍ਰਧਾਨ ,ਸੰਤ ਬਾਬਾ ਸਰਦਾਰਾ ਸਿੰਘ ਮੱਖਣਵਿੰਡੀ , ਸੰਤ ਬਾਬਾ ਹਰੀ ਸਿੰਘ ,ਭਾਈ ਕੁਲਦੀਪ ਸਿੰਘ ਰੋਡੇ, ਭਾਈ ਗੁਰਦਿਆਲ ਸਿੰਘ ਲੰਗਿਆਣਾ, ਭਾਈ ਸੁਖਵਿੰਦਰ ਸਿੰਘ,ਭਾਈ ਕਰਨੈਲ ਸਿੰਘ ,ਬਾਬਾ ਗੁਰਦਾਸ ਭੂਰੀ ਵਾਲੇ, ,ਜਥੇਦਾਰ ਹਰਨਾਕ ਸਿੰਘ ਭਾਈ ਗੁਰਮੀਤ ਸਿੰਘ ਪਟਨਾ ਸਾਹਿਬ, ਭਾਈ ਰਜਿੰਦਰ ਸਿੰਘ ਫਾਊਂਡੇਸ਼ਨ ਰਾਮਗੜੀਆ, ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕਾ,ਬਾਬਾ ਗੁਰਦੀਪ ਸਿੰਘ ਖੁਜ਼ਾਲਾ,ਬਾਬਾ ਗੁਰਭੇਜ਼ ਸਿੰਘ ਖੁਜ਼ਾਲਾ, ,ਸੰਤ ਮਹੇਸ਼ ਮੁਨੀ ,ਸੰਤ ਰਾਮ ਮੁਨੀ, ਸੰਤ ਬਰਿੰਦਰ ਮੁਨੀ ਫੇਰੂਮਾਨ, ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਤੋਂ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਭਾਈ ਅਜੈਬ ਸਿੰਘ ਅਭਿਆਸੀ,ਜਥੇਦਾਰ ਕਸ਼ਮੀਰ ਸਿੰਘ ਬਰਿਆਰ,ਰਜਿੰਦਰ ਸਿੰਘ ਮਹਿਤਾ ਜਨਰਲ ਸਕੱਤਰ,ਭਾਈ ਅਮਰਜੀਤ ਸਿੰਘ ਚਾਵਲਾ,ਭਾਈ ਅਮਰਬੀਰ ਸਿੰਘ ਢੋਟ,ਭਾਈ ਅਮਰਜੀਤ ਸਿੰਘ ਚਹੇੜੂ,ਭਾਈ ਨਰਿੰਦਰ ਸਿੰਘ ਮਲਸੀਆ,ਭਾਈ ਇੰਦਰਜੀਤ ਸਿੰਘ ਜੱਸੋਵਾਲ, ਗਿਆਨੀ ਹਰਨੇਕ ਸਿੰਘ ਘਣੀਏ ਕੇ ਬਾਂਗਰ,ਗਿਆਨੀ ਪ੍ਰਗਟ ਸਿੰਘ ਭੀਲੋਵਾਲ,ਭਾਈ ਸ਼ਮਸ਼ੇਰ ਸਿੰਘ ਜੇਠੂਵਾਲ,ਭਾਈ ਹੀਰਾ ਸਿੰਘ ਮਨਿਆਲਾ,ਬਾਬਾ ਸੁਖਦੇਵ ਸਿੰਘ ਪੱਟੀ ਮੋੜ,ਭਾਈ ਸ਼ਮਸ਼ੈਰ ਸਿੰਘ ਪਰਾਂਗਪੁਰਾ,ਭਾਈ ਸੁਖਦੇਵ ਸਿੰਘ, ਭਾਈ ਹਰਦੀਪ ਸਿੰਘ ,ਗਿਆਨੀ ਜੀਵਾ ਸਿੰਘ,ਪ੍ਰਿੰ.ਹਰਸ਼ਦੀਪ ਸਿੰਘ ਰੰਧਾਵਾ,ਡਾ.ਅਵਤਾਰ ਸਿੰਘ ਬੁੱਟਰ ਮੌਜੂਦ ਸਨ। ••

‘ਆਪ ਮੁਹਾਰੇ’ ਵਹੀਰਾਂ ਘੱਤ ਕੇ ਦਮਦਮੀ ਟਕਸਾਲ ਪੁੱਜੀਆਂ

# ਲੱਖਾਂ ਸੰਗਤਾਂ ਨੇ ਸ਼ਰਧਾਂ ਨਾਲ ਮਨਾਇਆ 41ਵਾਂ ਸ਼ਹੀਦੀ ਸਮਾਗਮ

## ਸ਼ਹੀਦਾਂ ਦੀ ਯਾਦ ਨਾ ਮਨਾਉਣ ਵਾਲੇ ਲੋਕ ਅਕ੍ਰਿਤਘਣ ਕਹਾਉਂਦੇ ਹਨ- ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ










ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ

# ਡਵੀਜ਼ਨ ਧੂਰੀ ਦੀ ਮਹੀਨਾਵਾਰ ਹੋਈ



**ਧੂਰੀ( ਰਣਜੀਤ ਸਿੰਘ ਪੇਧਨੀ )**-ਆਈ ਟੀ ਆਈ ਇੰਪਲਾਈਜ਼ ਐਸੋਸੀਏਸ਼ਨ ਡਵੀਜ਼ਨ ਧੂਰੀ ਦੀ ਮਹਿਨਾਵਾਰ ਮੀਟਿੰਗ ਡਵੀਜ਼ਨ ਧੂਰੀ ਦੇ ਖਜਾਨਚੀ ਜਸਵੀਰ ਕੁਮਾਰ ਸ਼ਰਮਾਂ ਦੀ ਪ੍ਰਧਾਨਗੀ ਹੇਠ ਹੋਈ। ਸਾਰੀਆਂ ਹੀ ਸਵ ਡਵੀਜ਼ਨਾਂ ਦੇ ਅਹੁਦੇਦਾਰਾਂ ਵਲੋਂ ਆਪੋ ਆਪਣੇ ਵਿਚਾਰ ਪੇਸ਼ ਕੀਤੇ ਗਏ ਅਤੇ ਸਾਥੀਆਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਜਥੇਬੰਦੀ ਦੇ ਆਗੂਆਂ ਨੂੰ ਜਾਣੂ ਕਰਵਾਇਆ ਗਿਆ ਅਤੇ ਜਥੇਬੰਦੀ ਦੇ ਵਿਸਤਾਰ ਲਈ ਵੀ ਸਾਥੀਆਂ ਵੱਲੋਂ ਉਪਰਾਲੇ ਕੀਤੇ ਜਾ ਰਹੇ ਹਨ ਜਿਸਦੇ ਸਿੱਟੇ ਵਜੋਂ ਅੱਜ ਭਲਵਾਨ ਸਵ ਡਵੀਜ਼ਨ ਦੇ ਪ੍ਰਧਾਨ ਜੱਗਾ ਸਿੰਘ ਤੇ ਖਜਾਨਚੀ ਅਮਰਜੀਤ ਮੀਮਸਾ ਦੇ ਯਤਨਾਂ ਸਦਕਾ ਜਸਪ੍ਰੀਤ ਸਿੰਘ ਭੋਜੋਵਾਲੀ ,ਮਨਵੀਰ ਸਿੰਘ ਬਾਗੜੀਆਂ, ਲਖਵੀਰ ਚੰਦ ਭੋਜੋਵਾਲੀ ਨੂੰ ਯੂਨੀਅਨ ਦੀ ਮੈਂਬਰਸਿਪ ਭਰੀ ਅਤੇ ਜਥੇਬੰਦੀ ਦੇ ਮੈਡਲ ਪਾ ਕੇ ਸਨਮਾਨ ਕੀਤਾ ਗਿਆ ਅਤੇ ਜਥੇਬੰਦੀ ਵਲੋਂ ਸਹਾਇਕ ਲਾਈਨਮੈਨ ਤੋਂ ਪ੍ਰਮੋਟ ਹੋ ਕੇ ਲਾਈਨਮੈਨ ਬਣੇ ਸਾਥੀ ਕੁਲਜੀਤ ਸਿੰਘ ਸ਼ੇਰਪੁਰਸੋਢੀਆਂ, ਸਨਦੀਪ ਸਿੰਘ ਦੀਦਾਰਗੜ੍ਹ, ਕੁਲਦੀਪ ਸਿੰਘ ਭਲਵਾਨ, ਲਖਵੀਰ ਚੰਦ, ਮਨਵੀਰ ਸਿੰਘ ਬਾਗੜੀਆਂ, ਕੁਲਦੀਪ ਸਿੰਘ ਰਾਜੋਮਾਜਰਾ, ਸੁਖਜੀਤ ਸਿੰਘ ਭਲਵਾਨ ਦਾ ਜਥੇਬੰਦੀ ਵਲੋਂ ਸਨਮਾਨ ਕੀਤਾ ਗਿਆ। ਅੰਤ ਵਿੱਚ ਡਵੀਜ਼ਨ ਪ੍ਰਧਾਨ ਗੁਰਪਿੰਦਰ ਸਿੰਘ ਕਹੇਰੂ ਵੱਲੋਂ ਜਥੇਬੰਦੀ ਵਿੱਚ ਸ਼ਾਮਲ ਹੋਏ ਸਾਥੀਆਂ ਨੂੰ ਜੀ ਆਇਆਂ ਕਿਹਾ ਅਤੇ ਲਾਈਨਮੈਨ ਬਣੇ ਸਾਥੀਆਂ ਨੂੰ ਵਧਾਈਆਂ ਦਿੱਤੀਆਂ ਤੇ ਜੋ ਵੀ ਸਵ ਡਵੀਜ਼ਨਾਂ ਦੇ ਅਹੁਦੇਦਾਰਾਂ ਵਲੋਂ ਸਾਥੀਆਂ ਨੂੰ ਆ ਰਹੀਆਂ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ ਗਿਆ ਸੀ ਉਹਨਾਂ ਨੂੰ ਜਲਦੀ ਹੱਲ ਕਰਵਾਉਣ ਦਾ ਭਰੋਸਾ ਦਿਵਾਇਆ ਤੇ ਰਲ ਮਿਲ ਕੇ ਕੰਮ ਕਰਨ ਅਤੇ ਆਪਣੀ ਡਿਊਟੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਕਰਨ ਲਈ ਸੁਚੇਤ ਕੀਤਾ ਪਿਛਲੇ ਦਿਨੀਂ ਸਵ ਡਵੀਜ਼ਨ ਭਲਵਾਨ ਦੇ ਸਾਥੀ ਸਤਨਾਮ ਸਿੰਘ ਸ਼ੇਰਪੁਰ ਸੋਢੀਆਂ ਲਈ ਸਾਥੀਆਂ ਵੱਲੋਂ ਕੀਤੀ ਗਈ ਮੱਦਦ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਯੂਨੀਅਨਾਂ ਤੋਂ ਉੱਪਰ ਉੱਠ ਕੇ ਇੱਕ ਦੂਜੇ ਦੀ ਮਦਦ ਲਈ ਕਿਹਾ ਅਤੇ 9 ਤਰੀਕ ਤੋਂ ਪੈਡੀ ਸੀਜ਼ਨ ਸ਼ੁਰੂ ਹੋ ਰਿਹਾ ਹੈ ਕੋਈ ਵੀ ਕੰਪਲੇਟ ਕਰਨ ਤੋਂ ਪਹਿਲਾਂ ਜੇਈ ਜਾਂ ਲਾਈਨਮੈਨ ਦੁਆਰਾ ਪਰਮਟ ਜਾਰੀ ਹੋਣ ਤੋਂ ਬਾਅਦ ਕਿਰਪਾ ਕਰਕੇ ਅਰਥਾਂ ਕਰਕੇ ਅਤੇ ਸਪਲਾਈ ਬੰਦ ਹੈ ਪਤਾ ਕਰਕੇ ਫਿਰ ਕੀਤਾ ਜਾਵੇ ਕੋਈ ਵੀ ਲਾਪ੍ਰਵਾਹੀ ਨਾ ਵਰਤੀ ਜਾਵੇ ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਵਲੋਂ 12 ਤਰੀਕ ਦਾ ਲੁਧਿਆਣਾ ਵਿਖੇ ਝੰਡਾ ਮਾਰਚ ਰੱਖਿਆ ਗਿਆ ਹੈ। ਪੰਜਾਬ ਸਰਕਾਰ ਪੁਰਾਣੀ ਪੈਨਸ਼ਨ ਨੂੰ ਬਹਾਲ ਕਰਨ ਦਾ ਵਾਅਦਾ ਕਰਕੇ ਸੱਤਾ ਵਿਚ ਆਈ ਸੀ। ਪੰਜਾਬ ਵਿੱਚ ਪੁਰਾਣੀ ਪੈਨਸ਼ਨ ਦੀ ਬਹਾਲੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ ਪ੍ਰੰਤੂ ਅੱਜ ਤੱਕ ਉਹ ਨੋਟੀਫਿਕੇਸ਼ਨ ਲਾਗੂ ਕਰਨ ਵਿੱਚ ਸਰਕਾਰ ਨਾਕਾਮ ਰਹੀ ਹੈ। ਜਿਸਦੇ ਰੋਸ ਵਜੋਂ 12 ਤਰੀਕ ਨੂੰ ਲੁਧਿਆਣਾ ਵਿਖੇ ਝੰਡਾ ਮਾਰਚ ਕਰਕੇ ਸਰਕਾਰ ਦੀ ਵਾਅਦਾ ਖਿਲਾਫੀ ਦੀ ਪੋਲ ਆਮ ਲੋਕਾਂ ਵਿੱਚ ਖੋਲ੍ਹਣ ਦਾ ਫੈਸਲਾ ਕੀਤਾ ਹੈ ਸਾਰੇ ਸਾਥੀਆਂ ਨੂੰ ਬੇਨਤੀ ਹੈ ਵੱਧ ਤੋਂ ਵੱਧ ਗਿਣਤੀ ਵਿੱਚ ਲੁਧਿਆਣਾ ਵਿਖੇ ਪਹੁੰਚਣਾ ਹੈ। ਮੀਟਿੰਗ ਵਿੱਚ ਹੀਰਾ ਸਿੰਘ, ਗੁਰਦੀਪ ਸਿੰਘ, ਮਨਦੀਪ ਸਿੰਘ, ਕਮਲ ਸਿੰਘ, ਅਮਨਦੀਪ ਸਿੰਘ ਬੰਗਾਂਵਾਲੀ, ਹਰਵਿੰਦਰ ਸਿੰਘ ਬੇਨੜਾ, ਜਗਸੀਰ ਸਿੰਘ ਆਦਿ ਹਾਜ਼ਰ ਸਨ।



ਧੰਨ ਬਾਬਾ ਜੀਵਨ ਸਿੰਘ ਸਰਬ ਸਾਂਝੀ ਸੇਵਾ ਸੁਸਾਇਟੀ(ਪੰਜਾਬ ) ਜਿਸ ਦੇ ਮੁੱਖ ਸੇਵਾਦਾਰ ਭਾਈ ਮਨਜੀਤ ਸਿੰਘ,ਪ੍ਰਧਾਨ ਹਰਵਿੰਦਰ ਸਿੰਘ ਫੌਜੀ,ਸਰਪੰਚ ਹਰਜੀਤ ਸਿੰਘ ਵਡਾਲਾ ਜੌਹਲ, ਜਥੇਦਾਰ ਕਰਤਾਰ ਸਿੰਘ, ਸਮੁੱਚੀ ਟੀਮ ਅਤੇ ਦਸਮੇਸ਼ ਤਰਨਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਮੇਜ਼ਰ ਸਿੰਘ ਸੋਢੀ ਜੀ ਨੇ ਅੱਜ 1984 ਦੇ ਸ਼ਹੀਦ ਸਿੰਘਾਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ ਦਮਦਮੀ ਟਕਸਾਲ ਦੇ ਹੈਡ ਕੁਆਟਰ ਮਹਿਤਾ ਵਿਖੇ ਹਾਜ਼ਰੀ ਭਰੀ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

# ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਘੱਲੂਘਾਰਾ ਸਮਾਗਮ ’ਚ ਜਬਰਦਸਤ ਨਾਅਰੇਬਾਜ਼ੀ ਅਤੇ ਸ਼ਾਨਦਾਰ ਪ੍ਰਦਰਸ਼ਨ

## ਖਾਲਿਸਤਾਨ ਦਾ ਸੂਰਜ ਲਾਜ਼ਮੀ ਚੜ੍ਹੇਗਾ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ




**ਅੰਮ੍ਰਿਤਸਰ, 6 ਜੂਨ (ਆਵਾਜ਼ਿ ਕੌਮ ਬਿਊਰੋ)**-ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਜੂਨ 1984 ਦੇ ਘੱਲੂਘਾਰੇ ਦੀ 41ਵੇਂ ਵਰ੍ਹੇਗੰਢ ’ਤੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮਾਗਮ ਦੌਰਾਨ ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਅਤੇ ਖ਼ਾਲਿਸਤਾਨ ਦੇ ਪੱਖ ’ਚ ਜਬਰਦਸਤ ਨਾਅਰੇਬਾਜ਼ੀ ਕੀਤੀ ਗਈ ਤੇ ਇਸ ਦੌਰਾਨ ਨੌਜਵਾਨਾਂ ਨੇ ਸ਼ਹੀਦਾਂ ਦੀਆਂ ਤਸਵੀਰਾਂ ਹੱਥਾਂ ’ਚ ਫੜ ਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਇਹਨਾਂ ਪੋਸਟਰਾਂ ਉੱਤੇ ਪੰਜਾਬੀ ਤੇ ਅੰਗਰੇਜ਼ੀ ’ਚ ਵੱਖ-ਵੱਖ ਸੁਨੇਹੇ ਵੀ ਲਿਖੇ ਹੋਏ ਸਨ। ਪੱਤਰਕਾਰਾਂ ਨਾਲ ਗੱਲ ਕਰਦਿਆਂ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਤੇ ਭਾਈ ਅੰਗਦ ਸਿੰਘ ਖ਼ਾਲਸਾ ਨੇ ਕਿਹਾ ਕਿ ਜੂਨ 1984 ਦੇ ਹਮਲੇ ਤੋਂ ਬਾਅਦ ਪੰਜਾਬ ਅੰਦਰ ਬਹੁਤ ਉਥਲ-ਪੁਥਲ ਹੋਈ। ਰਾਜਨੀਤੀ ’ਚ ਵੀ ਵੱਡੀ ਤਬਦੀਲੀ ਆਈ, ਰਾਜਨੀਤਕ ਸਮੀਕਰਨ ਵੀ ਬਦਲੇ ਪਰ ਇਹ ਸਭ ਘੱਲੂਘਾਰੇ ਦੇ ਜ਼ਖ਼ਮਾਂ ਨੂੰ ਭਰ ਨਹੀਂ ਸਕੇ। ਦਹਾਕੇ ਬੀਤਣ ਦੇ ਬਾਅਦ ਵੀ ਜ਼ਖ਼ਮ ਹਰੇ ਹਨ, ਸਾਡੀ ਅੱਜ ਵੀ ਪੀੜ ਸੱਜਰੀ ਤੇ ਅਜ਼ਾਦੀ ਸੰਘਰਸ਼ ਜਾਰੀ ਹੈ। ਸ੍ਰੀ ਦਰਬਾਰ ਸਾਹਿਬ ਉੱਤੇ ਹੌਲਨਾਕ ਹਮਲੇ ਦਾ ਪ੍ਰਭਾਵ ਦੁਨੀਆਂ ਪੱਧਰ ਉੱਤੇ ਅੱਜ ਵੀ ਵੇਖਣ ਨੂੰ ਮਿਲਦਾ ਹੈ, ਸਿੱਖ ਕੌਮ ਨੇ ਹਿੰਦੂਤਵ ਨੂੰ ਇਸ ਵਹਿਸ਼ੀ ਕਾਰੇ ਲਈ ਕਦੇ ਮੁਆਫ਼ ਨਹੀਂ ਕਰਨਾ। ਇਸ ਘੱਲੂਘਾਰੇ ਨੂੰ ਕਦੇ ਭੁੱਲਿਆ ਨਹੀਂ ਜਾ ਸਕਦਾ, ਦਰਬਾਰ ਸਾਹਿਬ ’ਤੇ ਹਮਲਾ ਭਾਜਪਾ ਨੇ ਮੰਗਿਆ ਅਤੇ ਕਾਂਗਰਸ ਨੇ ਕੀਤਾ ਤੇ ਹਿੰਦੂਤਵ ਨੇ ਖ਼ੁਸ਼ੀ ਮਨਾਈ ਸੀ। ਜਾਗਦੀ ਜਮੀਰ ਵਾਲੇ ਸਿੱਖਾਂ ਨੇ ਉਸ ਭਾਰਤੀ ਸਟੇਟ ਨੂੰ ਰੱਦ ਕਰ ਦਿੱਤਾ ਹੈ, ਜਿਸ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਢਾਹਿਆ ਅਤੇ ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ, ਭਾਈ ਅਮਰੀਕ ਸਿੰਘ, ਜਨਰਲ ਸ਼ਬੇਗ ਸਿੰਘ, ਬਾਬਾ ਠਾਹਰਾ ਸਿੰਘ ਤੇ ਹਜ਼ਾਰਾਂ ਸੰਗਤਾਂ ਨੂੰ ਸ਼ਹੀਦ ਕੀਤਾ। ਸਿੱਖ ਅਜਿਹਾ ਰਾਜ-ਭਾਗ ਸਿਰਜਣਾ ਚਾਹੁੰਦੇ ਨੇ ਜਿੱਥੇ ਉਹ ਅਜ਼ਾਦੀ ਦਾ ਨਿੱਘ ਮਾਣ ਸਕਣ, ਧਰਮ ਪ੍ਰਫੁੱਲਤ ਹੋਵੇ, ਮਾਂ-ਬੋਲੀ ਨੂੰ ਕੋਈ ਛੁਟਿਆਉਣ ਦਾ ਯਤਨ ਨਾ ਕਰੇ, ਧਰਮ ਸਥਾਨਾਂ ਤੇ ਧਰਮ ਗ੍ਰੰਥਾਂ ’ਤੇ ਹਮਲੇ ਨਾ ਹੋਣ, ਕੁਦਰਤੀ ਸ੍ਰੋਤਾਂ ਲੁੱਟੇ ਨਾ ਜਾਣ ਤੇ ਧਾਰਮਿਕ ਮਾਮਲਿਆਂ ’ਚ ਕੋਈ ਦਖ਼ਲ-ਅੰਦਾਜੀ ਨਾ ਕਰ ਸਕੇ। ਗੁਰਧਾਮਾਂ ਦੀ ਅਜ਼ਮਤ ਦੀ ਰਾਖੀ ਕਰਦਿਆਂ ਅਤੇ ਕੌਮੀ ਹੱਕਾਂ ਤੇ ਅਜ਼ਾਦੀ ਲਈ ਜਿਨ੍ਹਾਂ ਸਿੰਘਾਂ-ਸਿੰਘਣੀਆਂ ਨੇ ਸ਼ਹਾਦਤਾਂ ਦਿੱਤੀਆਂ ਉਹ ਸਾਡੇ ਨਾਇਕ ਹਨ, ਸਿੱਖ ਕੌਮ ਆਪਣੇ ਸ਼ਹੀਦਾਂ ਦੇ ਨਿਸ਼ਾਨੇ ’ਤੇ ਪਹਿਰਾ ਦੇਣ ਲਈ ਸੰਘਰਸ਼ਸ਼ੀਲ ਹੈ, ਖ਼ਾਲਿਸਤਾਨ ਦਾ ਸੂਰਜ ਲਾਜ਼ਮੀ ਚੜ੍ਹੇਗਾ। ਫੈਡਰੇਸ਼ਨ ਆਗੂਆਂ ਨੇ ਇਹ ਵੀ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਤਖ਼ਤਾਂ ਦੇ ਜਥੇਦਾਰ ਮਰਯਾਦਾ ਅਤੇ ਵਿਧੀ-ਵਿਧਾਨ ਅਨੁਸਾਰ ਨਾ ਲਾਉਣ ਅਤੇ ਹਟਾਉਣ ਕਰਕੇ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੇ ਅਹੁਦੇ ਦਾ ਭਾਰੀ ਅਪਮਾਨ ਹੋਇਆ ਹੈ। ਇਸ ਮੌਕੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ, ਜਥੇਬੰਧਕ ਸਕੱਤਰ ਭਾਈ ਮਨਪ੍ਰੀਤ ਸਿੰਘ ਮੰਨਾ, ਭਾਈ ਸੁਖਵਿੰਦਰ ਸਿੰਘ ਨਿਜ਼ਾਮਪੁਰ, ਭਾਈ ਹਰਪ੍ਰੀਤ ਸਿੰਘ ਬੰਟੀ, ਬੀਬੀ ਕੁਲਵਿੰਦਰ ਕੌਰ ਤੁਗਲਵਾਲਾ ਆਦਿ ਹਾਜ਼ਰ ਸਨ।

## ਪੀ.ਬੀ.ਐੱਸ. ਸ਼ਾਪਿੰਗ ਸੈਂਟਰ ਵਿਖੇ ਲਗਾਈ ਛਬੀਲ



**ਚੌਕ ਮਹਿਤਾ, (ਬਾਬਾ ਸੁਖਵੰਤ ਸਿੰਘ ਚੰਨਣਕੇ)**- ਪੀ.ਬੀ.ਐੱਸ. ਸ਼ਾਪਿੰਗ ਸੈਂਟਰ ਦੇ ਮਾਲਕ ਬਲਕਾਰ ਸਿੰਘ ਬਾਠ, ਸਤਨਾਮ ਸਿੰਘ ਬਾਠ ਅਤੇ ਪਰਮਜੀਤ ਸਿੰਘ ਬਾਠ ਦੇ ਵੱਲੋਂ ਜੂਨ 1984 (ਤੀਸਰਾ ਘੱਲੂਘਾਰਾ) ਦੇ ਸ਼ਹੀਦਾਂ ਦੀ ਯਾਦ ਵਿੱਚ ਮਨਾਏ ਗਏ 41ਵੇਂ ਸ਼ਹੀਦੀ ਜੋੜਮੇਲੇ ਮੌਕੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਦੌਰਾਨ ਬਲਕਾਰ ਸਿੰਘ ਬਾਠ ਨੇ ਆਖਿਆ ਕਿ ਇਹ ਸ਼ਹੀਦੀ ਦਿਹਾੜਾ ਸੰਗਤਾਂ ਦੇ ਵੱਲੋਂ ਬਹੁਤ ਬੈਰਾਗ ਨਾਲ ਮਨਾਇਆ ਜਾਂਦਾ ਹੈ, ਅੱਜ ਤੱਪਦੀ ਗਰਮੀ ਦੀ ਪ੍ਰਵਾਹ ਨਾ ਕਰਦਿਆਂ ਸੰਗਤਾਂ ਵੱਡੇ ਕਾਫ਼ਲਿਆਂ ਦੇ ਰੂਪ ਵਿਚ ਸ਼ਹੀਦਾਂ ਨੂੰ ਸਤਿਕਾਰ ਭੇਟ ਕਰਨ ਲਈ ਦਮਦਮੀ ਟਕਸਾਲ ਮਹਿਤਾ ਵਿਖੇ ਪਹੁੰਚ ਰਹੀਆਂ ਹਨ। ਜਿਨ੍ਹਾਂ ਦੀ ਸੇਵਾ ਵਿਚ ਹਰ ਸਾਲ ਦੀ ਤਰਾਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243